ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 7 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੨੫ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## ਮਹਿਲਾ ਕਾਂਸਟੇਬਲ ਅਮਨਦੀਪ ਕੌਰ ਦਾ ਪੁਲਿਸ ਨੂੰ ਫਿਰ ਮਿਲਿਆ 2 ਦਿਨ ਦਾ ਰਿਮਾਂਡ

**ਬਠਿੰਡਾ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਚਿੱਟੇ ਸਮੇਤ ਪੁਲਿਸ ਵੱਲੋਂ ਗ੍ਰਿਫਤਾਰ ਕੀਤੀ ਗਈ ਬਰਖਾਸਤ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਨੂੰ ਅੱਜ ਬਠਿੰਡਾ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਇਸ ਮੌਕੇ ਅਦਾਲਤ ਨੇ ਪੁਲਿਸ ਨੂੰ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਦਾ 2 ਦਿਨ ਦਾ ਰਿਮਾਂਡ ਦਿੱਤਾ ਹੈ। ਪੁਲਿਸ ਅਧਿਕਾਰੀਆਂ ਵੱਲੋਂ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਅੱਜ ਅਮਨਦੀਪ ਕੌਰ ਨੂੰ ਅਦਾਲਤ ’ਚ ਪੇਸ਼ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਨੂੰ ਮੈਡੀਕਲ ਸਮੇਂ ਅਤੇ ਅਦਾਲਤ ਵਿੱਚ ਪੇਸ਼ ਕਰਨ ਸਮੇਂ ਮੀਡੀਆ ਤੋਂ ਲੁਕੋ ਕੇ ਪੇਸ਼ ਕੀਤਾ ਗਿਆ। ਬਰਖਾਸਤ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਦਾ ਕੇਸ ਪੁਲਿਸ ਪ੍ਰਸ਼ਾਸਨ ਦੇ ਗਲੇ ਦੀ ਹੱਡੀ ਬਣਦਾ ਜਾ ਰਿਹਾ ਹੈ। ਪੁਲਿਸ ਵੱਲੋਂ ਲਗਾਤਾਰ ਅਮਨਦੀਪ ਕੌਰ ਦੇ ਮਾਮਲੇ ਵਿੱਚ ਤੱਥ ਛਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਦੱਸਣਯੋਗ ਹੈ ਕਿ ਉਕਤ ਮਹਿਲਾ ਕਾਂਸਟੇਬਲ ਇੰਟਰਾਗ੍ਰਾਮ ’ਤੇ ਕਾਫ਼ੀ ਮਸ਼ਹੂਰ ਹੈ। ਉਸ ਦੀਆਂ ਨਿੱਤ ਨਵੀਆਂ-ਨਵੀਆਂ ਰੀਲਾਂ ਇੰਸਟਾਗ੍ਰਾਮ ਉੱਤੇ ਦੇਖਣ ਨੂੰ ਮਿਲਦੀਆਂ ਹਨ। ਉਸ ਨੇ ਕਈ ਵਾਰ ਪੁਲਿਸ ਦੀ ਵਰਦੀ ਵਿਚ ਅਤੇ ਥਾਰ ਨਾਲ ਕਈ ਰੀਲਾਂ ਇੰਸਟਾਗ੍ਰਾਮ ਉੱਤੇ ਅਪਲੋਡ ਕੀਤੀਆਂ ਹਨ। ਦੱਸ ਦੇਈਏ ਕਿ ਬੀਤੇ ਦਿਨੀਂ ਪੁਲਿਸ ਨੇ ਬਾਦਲ ਰੋਡ ’ਤੇ ਪੁਲ ਨੇੜਿਓਂ ਮਹਿਲਾ ਕਾਂਸਟੇਬਲ ਅਮਨਦੀਪ ਕੌਰ ਨੂੰ ਕਥਿਤ 17.71 ਗ੍ਰਾਮ ਹੈਰੋਇਨ ਸਣੇ ਹਿਰਾਸਤ ’ਚ ਲਿਆ ਸੀ।

## ਇੱਕ ਹੋਰ ਪੁਲਿਸ ਚੌਕੀ ’ਤੇ ਗ੍ਰਨੇਡ ‘ਹਮਲਾ’

# ਬੱਬਰ ਖ਼ਾਲਸਾ ਨੇ ਲਈ ਜ਼ਿੰਮੇਵਾਰੀ !

**ਚੰਡੀਗੜ੍ਹ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਹਮਾਇਤੀਆਂ ਨੇ ਐਤਵਾਰ ਨੂੰ ਸੋਸ਼ਲ ਮੀਡੀਆ ’ਤੇ ਇੱਕ ਪੋਸਟ ਜਾਰੀ ਕਰਕੇ ਦਾਅਵਾ ਕੀਤਾ ਕਿ ਉਨ੍ਹਾਂ ਨੇ ਹਰਿਆਣਾ ਵਿੱਚ ਇੱਕ ਪੁਲਿਸ ਚੌਕੀ ’ਤੇ ਗ੍ਰਨੇਡ ਹਮਲਾ ਕੀਤਾ ਹੈ। ਪੋਸਟ ਵਿੱਚ ਦੱਸਿਆ ਗਿਆ ਹੈ ਕਿ ਉਹ ਪੋਸਟ ਹਰਿਆਣਾ ਦੇ ਜੀਨਗੜ੍ਹ ਵਿੱਚ ਹੈ। ਹਾਲਾਂਕਿ, ਇਸ ਕਥਿਤ ਜਗ੍ਹਾ ਤੇ ਧਮਾਕੇ ਬਾਰੇ ਕਿਤੇ ਵੀ ਕੋਈ ਪੁਸ਼ਟੀ ਨਹੀਂ ਹੋਈ ਹੈ। ਹਰਿਆਣਾ ਪੁਲਿਸ ਹੈੱਡਕੁਆਰਟਰ ਨੇ ਵੀ ਇਸ ਧਮਾਕੇ ਦੀ ਪੁਸ਼ਟੀ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਖਾਲਿਸਤਾਨੀ ਸੰਗਠਨ ਬੱਬਰ ਖਾਲਸਾ ਵੱਲੋਂ ਜਾਰੀ ਇੱਕ ਪੋਸਟ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਵਿੱਚ ਸਿੱਖਾਂ ’ਤੇ ਜ਼ੁਲਮ ਹੋ ਰਹੇ ਹਨ। ਇਸ ਨੂੰ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਤੋਂ ਇਲਾਵਾ ਕੇਂਦਰ ਸਰਕਾਰ ਨੂੰ ਧਮਕੀ ਭਰੇ ਸ਼ਬਦਾਂ ਵਿੱਚ ਵੀ ਕਿਹਾ ਗਿਆ ਹੈ- ਦਿੱਲੀ ਮਜ਼ਬੂਤ ਰਹੇ, ਸਿੱਖ ਆ ਰਹੇ ਹਨ।



ਬੱਬਰ ਖਾਲਸਾ ਵੱਲੋਂ ਕੀਤੀ ਗਈ ਪੋਸਟ ਵਿੱਚ ਲਿਖਿਆ ਹੈ - ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਿਹ... ਮੈਂ, ਹੈਪੀ ਪਸ਼ੀਅਨ, ਗੋਪੀ ਨਵਾਂਸ਼ਹਿਰੀਆ ਤੇ ਮਨੂ ਅਗਵਾਨ ਅੱਜ ਸਵੇਰੇ 4 ਵਜੇ ਦੇ ਕਰੀਬ ਜੀਨਗੜ੍ਹ ਚੌਕੀ (ਹਰਿਆਣਾ) ਵਿਖੇ ਹੋਏ ਗ੍ਰਨੇਡ ਹਮਲੇ ਦੀ ਜ਼ਿੰਮੇਵਾਰੀ ਲੈਂਦੇ ਹਾਂ।

ਅੱਗੇ ਲਿਖਿਆ ਹੈ- ਜਿੰਨਾ ਚਿਰ ਸਰਕਾਰ ਸਿੱਖਾਂ ’ਤੇ ਜ਼ੁਲਮ ਕਰਨਾ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਤੰਗ ਕਰਨਾ ਬੰਦ ਨਹੀਂ ਕਰਦੀ, ਇਹ ਹਮਲੇ ਜਾਰੀ ਰਹਿਣਗੇ। ਪਟਿਆਲਾ ਤੇ ਨਾਭਾ ਦੇ ਥਾਣਿਆਂ ਵਾਂਗ, ਪੂਰੇ ਪੰਜਾਬ ਵਿੱਚ ਸਿੱਖਾਂ ਨੂੰ ਤੰਗ-ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸਨੂੰ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਇਨ੍ਹਾਂ ਜ਼ੁਲਮ ਕਰਨ ਵਾਲਿਆਂ ਨੂੰ ਇਸ ਤਰੀਕੇ ਨਾਲ ਜਵਾਬ ਦਿੱਤਾ ਜਾਵੇਗਾ। ਸਿੱਖਾਂ ਨੂੰ ਗੁਲਾਮੀ ਦਾ ਅਹਿਸਾਸ ਕਰ ਲੈਣਾ ਚਾਹੀਦਾ ਹੈ ਤੇ ਗੁਲਾਮੀ ਦੇ ਤਖ਼ਤੇ ਤੁਹਾਡੇ ਗਲੇ ਵਿੱਚ ਨਹੀਂ ਪਾਏ। ਦਿੱਲੀਏ ਤਗੜੀ ਹੋਜਾ, ਆ ਰਹੇ ਨੇ ਸਿੱਖ ਸਿਹਰੇ ਲਾ ਕੇ, ਬਹੁਤ ਜਲਦੀ ਮਿਲਦੇ ਆ... । **(ਸੰਕੇਤਕ ਤਸਵੀਰ)**

## ਪੰਜਾਬ ’ਚ ਮੁੜ ਹੋਇਆ ਬੀ.ਆਰ ਅੰਬੇਡਕਰ ਦੇ ਬੁੱਤ ’ਤੇ ਹਮਲਾ, ਪੁਲਿਸ ਬਲ ਤੈਨਾਤ, ਸਰਕਾਰ ਖ਼ਿਲਾਫ਼ ਲੋਕਾਂ ਦਾ ਫੁੱਟਿਆ ਗੁੱਸਾ

**ਜਗਰਾਉਂ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜਗਰਾਉਂ ਵਿੱਚ ਚੁੰਗੀ ਨੰਬਰ 5 ਨੇੜੇ ਸਥਿਤ ਬਾਬਾ ਸਾਹਿਬ ਭੀਮਰਾਓ ਅੰਬੇਡਕਰ ਦੀ ਮੂਰਤੀ ਨੂੰ ਇੱਕ ਵਿਅਕਤੀ ਨੇ ਨਿਸ਼ਾਨਾ ਬਣਾਇਆ ਹੈ। ਐਤਵਾਰ ਦੇਰ ਰਾਤ ਕਰੀਬ 11.30 ਵਜੇ ਕਿਸੇ ਸ਼ਰਾਰਤੀ ਵਿਅਕਤੀ ਨੇ ਸੜਕ ਤੋਂ ਇੱਕ ਪੱਥਰ ਚੁੱਕਿਆ ਅਤੇ ਮੂਰਤੀ ਦੇ ਪਿਛਲੇ ਪਾਸੇ ਤੋਂ ਸ਼ੀਸ਼ਾ ਤੋੜ ਦਿੱਤਾ। ਐਤਵਾਰ ਸਵੇਰੇ ਘਟਨਾ ਦੀ ਜਾਣਕਾਰੀ ਮਿਲਦੇ ਹੀ ਇਲਾਕੇ ਵਿੱਚ ਤਣਾਅ ਦਾ ਮਾਹੌਲ ਬਣ ਗਿਆ। DSP ਜਸਜੋਤ ਸਿੰਘ ਅਤੇ ਸਿਟੀ ਪੁਲਿਸ ਸਟੇਸ਼ਨ ਇੰਚਾਰਜ ਵਰਿੰਦਰ ਸਿੰਘ ਉੱਪਲ ਤੁਰੰਤ ਮੌਕੇ ’ਤੇ ਪਹੁੰਚ ਗਏ। ਸਥਿਤੀ ਨੂੰ ਕਾਬੂ ਕਰਨ ਲਈ ਬੁੱਤ ਦੇ ਆਲੇ-ਦੁਆਲੇ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਸੀ। ਪੁਲਿਸ ਨੇ ਮੁਲਜ਼ਮਾਂ ਦੀ ਪਛਾਣ ਕਰਨ ਲਈ ਨੇੜਲੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਸਿਟੀ ਪੁਲਿਸ ਸਟੇਸ਼ਨ ਇੰਚਾਰਜ ਵਰਿੰਦਰ ਸਿੰਘ ਨੇ ਕਿਹਾ ਕਿ ਮੁਲਜ਼ਮ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਕੌਂਸਲ ਮੁਖੀ ਜਤਿੰਦਰਪਾਲ ਰਾਣਾ, ਕੌਂਸਲਰ ਰਵਿੰਦਰਪਾਲ ਸਿੰਘ ਰਾਜੂ ਅਤੇ ਸਾਬਕਾ ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ ਨੇ ਦੋਸ਼ੀ ਖਿਲਾਫ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਟੁੱਟੇ ਹੋਏ ਸ਼ੀਸ਼ੇ ਨੂੰ ਤੁਰੰਤ ਬਦਲਿਆ ਜਾ ਰਿਹਾ ਹੈ। ਸਥਾਨਕ ਆਗੂਆਂ ਨੇ ਦੋਸ਼ ਲਗਾਇਆ ਕਿ ਪੰਨੂ ਦੀ ਧਮਕੀ ਦੇ ਬਾਵਜੂਦ, ਸਰਕਾਰ ਨੇ ਬੁੱਤ ਦੀ ਸੁਰੱਖਿਆ ਲਈ ਕੋਈ ਖਾਸ ਪ੍ਰਬੰਧ ਨਹੀਂ ਕੀਤੇ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਲਈ ਪੰਜਾਬ ਸਰਕਾਰ ਜ਼ਿੰਮੇਵਾਰ ਹੋਵੇਗੀ।



## ਵਕ਼ਫ ਸੋਧ ਬਿੱਲ 2025 ਬਣਿਆ ‘ਐਕਟ’, ਰਾਸ਼ਟਰਪਤੀ ਨੇ ਬਿੱਲ ਨੂੰ ਦਿੱਤੀ ਮਨਜ਼ੂਰੀ

**ਨਵੀਂ ਦਿੱਲੀ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸ਼ਨੀਵਾਰ ਨੂੰ ਵਕਫ (ਸੋਧ) ਬਿੱਲ-2025 ਨੂੰ ਆਪਣੀ ਮਨਜ਼ੂਰੀ ਦੇ ਦਿੱਤੀ, ਜਿਸ ਨੂੰ ਇਸ ਹਫਤੇ ਸੰਸਦ ਵੱਲੋਂ ਪਾਸ ਕੀਤਾ ਗਿਆ ਸੀ। ਰਾਸ਼ਟਰਪਤੀ ਦੀ ਮਨਜ਼ੂਰੀ ਨਾਲ ਵਕਫ਼ ਬਿੱਲ ਹੁਣ ਕਾਨੂੰਨ ਬਣ ਗਿਆ ਹੈ। ਮੁਰਮੂ ਨੇ ਮੁਸਲਿਮ ਵਕਫ (ਰਿਪੀਲ) ਬਿੱਲ-2025 ਨੂੰ ਵੀ ਆਪਣੀ ਪ੍ਰਵਾਨਗੀ ਦੇ ਦਿੱਤੀ ਹੈ। ਸਰਕਾਰ ਨੇ ਇੱਕ ਨੋਟੀਫਿਕੇਸ਼ਨ ਵਿੱਚ ਕਿਹਾ, “ਸੰਸਦ ਦੇ ਨਿਮਨਲਿਖਤ ਐਕਟ ਨੂੰ 5 ਅਪ੍ਰੈਲ, 2025 ਨੂੰ ਰਾਸ਼ਟਰਪਤੀ ਦੀ ਮਨਜ਼ੂਰੀ ਮਿਲੀ ਅਤੇ ਇਸਨੂੰ ਆਮ ਜਾਣਕਾਰੀ ਲਈ ਪ੍ਰਕਾਸ਼ਿਤ ਕੀਤਾ ਗਿਆ ਹੈ: ਵਕ਼ਫ (ਸੋਧ) ਐਕਟ-2025।”



13 ਘੰਟੇ ਤੋਂ ਵੱਧ ਚੱਲੀ ਬਹਿਸ ਤੋਂ ਬਾਅਦ ਰਾਜ ਸਭਾ ਨੇ ਵਿਵਾਦਤ ਬਿੱਲ ਨੂੰ ਮਨਜ਼ੂਰੀ ਦੇ ਕੇ ਸ਼ੁੱਕਰਵਾਰ ਤੜਕੇ ਇਸ ਬਿੱਲ ਨੂੰ ਮਨਜ਼ੂਰੀ ਦੇ ਦਿੱਤੀ। ਇਸ ਚਰਚਾ ’ਤੇ ਵਿਰੋਧੀ ਪਾਰਟੀਆਂ ਦੇ ਸਖ਼ਤ ਇਤਰਾਜ਼ ਦੇਖਣ ਨੂੰ ਮਿਲੇ, ਜਿਨ੍ਹਾਂ ਨੇ ਬਿੱਲ ਨੂੰ ’ਮੁਸਲਿਮ ਵਿਰੋਧੀ’ ਅਤੇ ’ਅਸੰਵਿਧਾਨਕ’ ਕਰਾਰ ਦਿੱਤਾ, ਜਦਕਿ ਸਰਕਾਰ ਨੇ ਜਵਾਬ ਦਿੱਤਾ ਕਿ ਇਸ ’ਇਤਿਹਾਸਕ ਸੁਧਾਰ’ ਨਾਲ ਘੱਟ ਗਿਣਤੀ ਭਾਈਚਾਰੇ ਨੂੰ ਫਾਇਦਾ ਹੋਵੇਗਾ।

ਰਾਜ ਸਭਾ ਨੇ ਵਕਫ਼ ਸੋਧ ਬਿੱਲ, 2025, ਜਿਸ ਵਿੱਚ ਵਕਫ਼ ਬੋਰਡ ਵਿੱਚ ਪਾਰਦਰਸ਼ਤਾ ਵਧਾਉਣ ਸਮੇਤ ਕਈ ਮਹੱਤਵਪੂਰਨ ਵਿਵਸਥਾਵਾਂ ਹਨ, ਨੂੰ ਲੰਬੀ ਚਰਚਾ ਤੋਂ ਬਾਅਦ 95 ਦੇ ਮੁਕਾਬਲੇ 128 ਵੋਟਾਂ ਨਾਲ ਮਨਜ਼ੂਰੀ ਦੇ ਦਿੱਤੀ ਸੀ। ਇਸ ਬਿੱਲ ਬਾਰੇ ਸਰਕਾਰ ਨੇ ਦਾਅਵਾ ਕੀਤਾ ਕਿ ਇਹ ਦੇਸ਼ ਦੇ ਗਰੀਬ ਅਤੇ ਦੱਬੇ-ਕੁਚਲੇ ਮੁਸਲਮਾਨਾਂ ਅਤੇ ਇਸ ਭਾਈਚਾਰੇ ਦੀਆਂ ਔਰਤਾਂ ਦੀ ਹਾਲਤ ਸੁਧਾਰਨ ਵਿੱਚ ਕਾਫੀ ਮਦਦ ਕਰੇਗਾ। ਵੀਰਵਾਰ ਨੂੰ ਲੋਕ ਸਭਾ ’ਚ ਇਸ ਨੂੰ ਪਾਸ ਕੀਤਾ ਗਿਆ, ਜਿਸ ’ਚ 288 ਮੈਂਬਰਾਂ ਨੇ ਇਸ ਦਾ ਸਮਰਥਨ ਕੀਤਾ ਅਤੇ 232 ਮੈਂਬਰਾਂ ਨੇ ਵਿਰੋਧ ਕੀਤਾ।

ਸੰਸਦ ਨੇ ਮੁਸਲਿਮ ਵਕ਼ਫ (ਰਿਪੀਲ) ਬਿੱਲ ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ, ਜਿਸ ਨੂੰ ਰਾਜ ਸਭਾ ਨੇ ਵੀ ਮਨਜ਼ੂਰੀ ਦੇ ਦਿੱਤੀ ਹੈ। ਲੋਕ ਸਭਾ ਇਸ ਬਿੱਲ ਨੂੰ ਪਹਿਲਾਂ ਹੀ ਮਨਜ਼ੂਰੀ ਦੇ ਚੁੱਕੀ ਹੈ। ਰਾਸ਼ਟਰਪਤੀ ਦੀ ਮਨਜ਼ੂਰੀ ਤੋਂ ਬਾਅਦ ਇਹ ਕਾਨੂੰਨ ਵੀ ਬਣ ਗਿਆ ਹੈ। ਕਾਂਗਰਸ ਦੇ ਸੰਸਦ ਮੈਂਬਰ ਮੁਹੰਮਦ ਜਾਵੇਦ ਅਤੇ ਆਲ ਇੰਡੀਆ ਮਜਲਿਸ-ਏ-ਇਤੇਹਾਦੁਲ ਮੁਸਲਿਮੀਨ (ਏਆਈਐਮਆਈਐਮ) ਦੇ ਪ੍ਰਧਾਨ ਅਸਦੁਦੀਨ ਓਵੈਸੀ ਨੇ ਸ਼ੁੱਕਰਵਾਰ ਨੂੰ ਸੁਪਰੀਮ ਕੋਰਟ ਵਿੱਚ ਵਕ਼ਫ (ਸੋਧ) ਬਿੱਲ ਦੀ ਵੈਧਤਾ ਨੂੰ ਚੁਣੌਤੀ ਦਿੰਦੇ ਹੋਏ ਕਿਹਾ ਕਿ ਇਹ ਸੰਵਿਧਾਨਕ ਵਿਵਸਥਾਵਾਂ ਦੀ ਉਲੰਘਣਾ ਕਰਦਾ ਹੈ।

## ਜਗਜੀਤ ਸਿੰਘ ਡੱਲੇਵਾਲ ਨੇ 131 ਦਿਨਾਂ ਬਾਅਦ ਖਤਮ ਕੀਤਾ ਮਰਨ ਵਰਤ, ਮੋਰਚੇ ਨੂੰ ਲੈ ਕੇ ਵੱਡਾ ਐਲਾਨ

**ਚੰਡੀਗੜ੍ਹ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਭੁੱਖ ਹੜਤਾਲ ਨੂੰ ਲੈ ਕੇ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਕਿਸਾਨ ਆਗੂ ਨੇ ਅੱਜ ਭੁੱਖ ਹੜਤਾਲ ਦੇ 131ਵੇਂ ਮਰਨ ਵਰਤ ਖ਼ਤਮ ਕਰ ਦਿੱਤਾ ਹੈ। ਡੱਲੇਵਾਲ ਨੇ ਇਹ ਫੈਸਲਾ ਐਸਕੇਐਮ ਦੀਆਂ ਕਿਸਾਨ ਜਥੇਬੰਦੀਆਂ ਦੀ ਮਹਾਂਪੰਚਾਇਤ ਦੇ ਫੈਸਲੇ ਉਪਰੰਤ ਲਿਆ। ਜਾਣਕਾਰੀ ਅਨੁਸਾਰ ਮਰਨ ਵਰਤ ਖਤਮ ਕਰਨ ਦੇ ਮੁੱਖ ਏਜੰਡੇ ਦੇ ਸਬੰਧ ਵਿੱਚ ਸੰਯੁਕਤ ਕਿਸਾਨ ਮੋਰਚੇ (ਗੈਰ-ਸਿਆਸੀ) ਦੇ ਆਗੂਆਂ ਵੱਲੋਂ ਫਤਿਹਗੜ੍ਹ ਸਾਹਿਬ ਦੇ ਸਰਹਿੰਦ ਦੀ ਦਾਣਾ ਮੰਡੀ ਵਿੱਚ ਮੀਟਿੰਗ ਕੀਤੀ ਗਈ ਸੀ, ਜਿਸ ਵਿੱਚ ਮੋਰਚੇ ਦੀਆਂ ਸਮੂਹ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਇਕਜੁਟਤਾ ਨਾਲ ਇਹ ਫੈਸਲਾ ਲਿਆ ਹੈ। ਭੁੱਖ ਹੜਤਾਲ ਕਰਨ ਕਰਨ ਦੇ ਐਲਾਨ ਦੌਰਾਨ ਜਗਜੀਤ ਸਿੰਘ ਡੱਲੇਵਾਲ ਨੇ ਐਲਾਨ ਕੀਤਾ ਕਿ ਭਾਵੇਂ ਕਿ ਪੰਜਾਬ ਸਰਕਾਰ ਵੱਲੋਂ ਹਿਰਾਸਤ ਵਿੱਚ ਲਏ ਗਏ ਕਿਸਾਨਾਂ ਨੂੰ ਰਿਹਾਅ ਕਰ ਦਿੱਤਾ ਹੈ, ਪਰ ਕਿਸਾਨਾਂ ਦੀ ਐਮਐਸਪੀ ਸਮੇਤ ਬਾਕੀ ਮੰਗਾਂ ’ਤੇ ਲੜਾਈ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਜੇਕਰ ਇਨ੍ਹਾਂ ਮੰਗਾਂ ਖਾਤਰ ਮੋਰਚਾ ਦੁਬਾਰਾ ਵੀ ਲਾਉਣਾ ਪਿਆ ਤਾਂ ਲਾਵਾਂਗੇ ਅਤੇ ਅਗਲੀ ਵਾਰ ਇਸ ਤੋਂ ਵੀ ਵੱਡਾ ਸੰਘਰਸ਼ ਉਲੀਕਿਆ ਜਾਵੇਗਾ। ਦੱਸ ਦਈਏ ਕਿ ਇਹ ਮਹਾਂਪੰਚਾਇਤ ਪਿੰਡ ਡੱਲੇਵਾਲ ਤੋਂ ਸ਼ੁਰੂ ਹੋਈ ਸੀ। ਮਹਾਂਪੰਚਾਇਤ ਵਿੱਚ ਜਗਜੀਤ ਸਿੰਘ ਡੱਲੇਵਾਲ ਸਮੇਤ ਵੱਖ ਵੱਖ ਜਥੇਬੰਦੀਆਂ ਦੇ ਤਮਾਮ ਵੱਡੇ ਲੀਡਰ ਅਤੇ ਕਿਸਾਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਕਿਸਾਨ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਮੁੜ ਕਿਸਾਨਾਂ ਦੇ ਵੱਡੇ-ਵੱਡੇ ਇਕੱਠ ਕੀਤੇ ਜਾਣਗੇ ਅਤੇ ਕਿਸਾਨਾਂ ਨੂੰ ਸ਼ੰਭੂ ਤੇ ਖਨੌਰੀ ਬਾਰਡਰ ’ਤੇ ਚਲਦੇ ਮੋਰਚਿਆਂ ਦੀਆਂ ਮੰਗਾਂ ਦੇ ਸਬੰਧ ਵਿੱਚ ਜਾਗਰੂਕ ਵੀ ਕੀਤਾ ਜਾਵੇਗਾ। ਇਸ ਦੇ ਨਾਲ ਹੀ ਸੰਯੁਕਤ ਕਿਸਾਨ ਮੋਰਚੇ ਵੱਲੋਂ ਪੰਜਾਬ ਦੇ ਨਾਲ-ਨਾਲ ਦੇਸ਼ ਭਰ ਵਿੱਚ ਵੀ ਮਹਾਂਪੰਚਾਇਤਾਂ ਕੀਤੀਆਂ ਜਾਣਗੀਆਂ। ਦੱਸ ਦਈਏ ਕਿ 12 ਕਿਸਾਨੀ ਮੰਗਾਂ ਨੂੰ ਲੈ ਕੇ ਜਗਜੀਤ ਸਿੰਘ ਡੱਲੇਵਾਲ ਵੱਲੋਂ 26 ਨਵੰਬਰ 2024 ਤੋਂ ਲਗਾਤਾਰ ਭੁੱਖ ਹੜਤਾਲ ਜਾਰੀ ਸੀ। ਜ਼ਿਕਰਯੋਗ ਹੈ ਕਿ ਬੀਤੇ ਦਿਨ ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਆਪਣਾ ਮਰਨ ਵਰਤ ਖ਼ਤਮ ਕਰਨ ਦੀ ਅਪੀਲ ਕੀਤੀ ਸੀ। ਕੇਂਦਰੀ ਮੰਤਰੀ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ ’ਤੇ ਪੋਸਟ ਸ਼ੇਅਰ ਕਰਦਿਆਂ ਗੱਲਬਾਤ ਦਾ ਦੌਰ ਜਾਰੀ ਰੱਖਣ ਦੀ ਗੱਲ ਕਹੀ ਸੀ। ਉਨ੍ਹਾਂ ਕਿਹਾ ਸੀ ਕਿ ਭਾਰਤ ਸਰਕਾਰ ਦੇ ਪ੍ਰਤੀਨਿਧੀਆਂ ਅਤੇ ਕਿਸਾਨ ਸੰਗਠਨਾਂ ਦੇ ਪ੍ਰਤੀਨਿਧੀਆਂ ਵਿਚਕਾਰ ਉਨ੍ਹਾਂ ਦੀਆਂ ਮੰਗਾਂ ਸਬੰਧੀ ਚੱਲ ਰਹੀ ਗੱਲਬਾਤ ਜਾਰੀ ਹੈ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਹੁਣ ਹਸਪਤਾਲ ਤੋਂ ਵਾਪਸ ਆ ਗਏ ਹਨ ਅਤੇ ਅਸੀਂ ਉਨ੍ਹਾਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕਰਦੇ ਹਾਂ। ਨਾਲ ਹੀ ਅਸੀਂ ਉਨ੍ਹਾਂ ਨੂੰ ਆਪਣਾ ਮਰਨ ਵਰਤ ਖਤਮ ਕਰਨ ਦੀ ਵੀ ਬੇਨਤੀ ਕਰਦੇ ਹਾਂ ਅਤੇ ਅਸੀਂ ਪਹਿਲਾਂ ਤੋਂ ਤੈਅ ਮਿਤੀ ਅਨੁਸਾਰ 4 ਮਈ ਨੂੰ ਸਵੇਰੇ 11 ਵਜੇ ਕਿਸਾਨ ਸੰਗਠਨਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਲਈ ਮਿਲਾਂਗੇ।



## ਵਿਸਾਖੀ ਤੋਂ ਪਹਿਲਾਂ ਸੁਖਬੀਰ ਬਾਦਲ ਮੁੜ ਬਣ ਜਾਣਗੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ?

**ਚੰਡੀਗੜ੍ਹ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਵਿਸਾਖੀ ਤੱਕ ਸ਼੍ਰੋਮਣੀ ਅਕਾਲੀ ਦਲ ਨੂੰ ਨਵਾਂ ਪ੍ਰਧਾਨ ਮਿਲ ਸਕਦਾ ਹੈ। ਪਾਰਟੀ ਨੇ ਇਸ ਸਬੰਧੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਪਾਰਟੀ ਨੇ 8 ਅਪ੍ਰੈਲ ਨੂੰ ਚੰਡੀਗੜ੍ਹ ਮੁੱਖ ਦਫ਼ਤਰ ਵਿਖੇ ਕਾਰਜਕਾਰਨੀ ਦੀ ਮੀਟਿੰਗ ਬੁਲਾਈ ਹੈ। ਮੀਟਿੰਗ ਦੀ ਪ੍ਰਧਾਨਗੀ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਕਰਨਗੇ। ਡਾ. ਦਲਜੀਤ ਸਿੰਘ ਚੀਮਾ ਨੇ ਮੀਟਿੰਗ ਬਾਰੇ ਜਾਣਕਾਰੀ ਦਿੱਤੀ ਹੈ। ਉਨ੍ਹਾਂ ਨੇ ਇਸ ਸਬੰਧ ਵਿੱਚ ਆਪਣੇ ਸੋਸ਼ਲ ਮੀਡੀਆ ਅਕਾਊਂਟ ਐਕਸ ’ਤੇ ਪੋਸਟ ਕਰਕੇ ਜਾਣਕਾਰੀ ਦਿੱਤੀ ਹੈ। ਡਾ. ਦਲਜੀਤ ਸਿੰਘ ਚੀਮਾ ਵੱਲੋਂ ਸਾਂਝੀ ਕੀਤੀ ਗਈ ਪੋਸਟ ਵਿੱਚ ਲਿਖਿਆ ਹੈ - ਸ਼੍ਰੋਮਣੀ ਅਕਾਲੀ ਦਲ ਨੇ ਨਵੇਂ ਪ੍ਰਧਾਨ ਅਤੇ ਅਹੁਦੇਦਾਰਾਂ ਦੀ ਚੋਣ ਲਈ ਜਨਰਲ ਪ੍ਰਤੀਨਿਧੀ ਇਜਲਾਸ ਦੀਆਂ ਤਰੀਕਾਂ ਦਾ ਫੈਸਲਾ ਕਰਨ ਲਈ 8 ਅਪ੍ਰੈਲ ਨੂੰ ਦੁਪਹਿਰ 2 ਵਜੇ ਚੰਡੀਗੜ੍ਹ ਸਥਿਤ ਪਾਰਟੀ ਹੈੱਡਕੁਆਰਟਰ ਵਿਖੇ ਵਰਕਿੰਗ ਕਮੇਟੀ ਦੀ ਮੀਟਿੰਗ ਬੁਲਾਈ ਹੈ। ਮੀਟਿੰਗ ਦੀ ਪ੍ਰਧਾਨਗੀ ਕਾਰਜਕਾਰੀ ਚੇਅਰਮੈਨ ਬਲਵਿੰਦਰ ਸਿੰਘ ਭੂੰਦੜ ਕਰਨਗੇ। ਸੁਖਬੀਰ ਬਾਦਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਤਨਖਾਹੀਆ ਕਰਾਰ ਦਿੱਤੇ ਜਾਣ ਤੋਂ ਬਾਅਦ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਸੀ। ਇਸ ਤੋਂ ਬਾਅਦ ਬਲਵਿੰਦਰ ਸਿੰਘ ਭੂੰਦੜ ਨੂੰ ਕਾਰਜਕਾਰੀ ਮੁਖੀ ਬਣਾਇਆ ਗਿਆ ਪਰ ਅਕਾਲੀ ਦਲ ਦਾ ਇੱਕ ਨਿਯਮ ਹੈ। ਇਸ ਵਿੱਚ ਪਹਿਲੀ ਸ਼ਰਤ ਇਹ ਹੈ ਕਿ ਪਹਿਲਾਂ ਵਿਅਕਤੀ ਨੂੰ ਪਾਰਟੀ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ। ਇਸ ਤੋਂ ਬਾਅਦ ਲਗਭਗ 543 ਡੈਲੀਗੇਟ ਮੁਖੀ ਦੀ ਚੋਣ ਕਰਦੇ ਹਨ। ਅਜਿਹੀ ਸਥਿਤੀ ਵਿੱਚ ਮੁਖੀ ਦੀ ਚੋਣ ਡੈਲੀਗੇਟਾਂ ਦੁਆਰਾ ਕੀਤੀ ਜਾਣੀ ਚਾਹੀਦੀ ਹੈ। ਹਾਲਾਂਕਿ, ਚਰਚਾ ਹੈ ਕਿ ਸੁਖਬੀਰ ਬਾਦਲ ਵੀ ਮੁਖੀ ਬਣ ਸਕਦੇ ਹਨ, ਕਿਉਂਕਿ ਬਹੁਤ ਸਾਰੇ ਆਗੂ ਉਨ੍ਹਾਂ ਨੂੰ ਮੁਖੀ ਚੁਣੇ ਜਾਣ ਦੇ ਹੱਕ ਵਿੱਚ ਹਨ। ਜ਼ਿਕਰ ਕਰ ਦਈਏ ਕਿ ਜਿਵੇਂ ਹੀ ਸੁਖਬੀਰ ਬਾਦਲ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਤਨਖਾਹੀਆ ਐਲਾਨਿਆ ਗਿਆ, ਉਨ੍ਹਾਂ ਨੇ ਪਾਰਟੀ ਗਤੀਵਿਧੀਆਂ ਤੋਂ ਆਪਣੇ ਆਪ ਨੂੰ ਦੂਰ ਕਰ ਲਿਆ। ਇਸ ਤੋਂ ਬਾਅਦ, ਪਾਰਟੀ ਨੇ ਚਾਰ ਸੀਟਾਂ - ਬਰਨਾਲਾ, ਗਿੱਦੜਬਾਹਾ, ਡੇਰਾ ਬਾਬਾ ਨਾਨਕ ਅਤੇ ਹੁਸ਼ਿਆਰਪੁਰ ’ਤੇ ਹੋਈਆਂ ਉਪ ਚੋਣਾਂ ਵਿੱਚ ਕੋਈ ਉਮੀਦਵਾਰ ਖੜ੍ਹਾ ਨਹੀਂ ਕੀਤਾ। 1992 ਤੋਂ ਬਾਅਦ ਇਹ ਪਹਿਲੀ ਵਾਰ ਸੀ ਜਦੋਂ ਪਾਰਟੀ ਨੇ ਕਿਸੇ ਉਮੀਦਵਾਰ ਦਾ ਐਲਾਨ ਨਹੀਂ ਕੀਤਾ ਸੀ। ਇਸ ਤੋਂ ਇਲਾਵਾ ਪਾਰਟੀ ਨੇ ਕਿਸੇ ਨਾਲ ਗੱਠਜੋੜ ਨਹੀਂ ਕੀਤਾ ਸੀ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV





## ਅੱਜ ਜਨਮ ਦਿਨ 'ਤੇ ਵਿਸ਼ੇਸ਼

# ਸਿੱਖ ਵਿਦਵਾਨ ਤੇ ਚਿੰਤਕ ਪ੍ਰੋ: ਗੁਰਬਚਨ ਸਿੰਘ ਤਾਲਿਬ ਨੂੰ ਯਾਦ ਕਰਦਿਆਂ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਸ਼ਵ ਦਾ ਉਹ ਮਹਾਨ ਗ੍ਰੰਥ ਹੈ, ਜਿਸ ਦਾ ਅਧਿਐਨ ਕਰਨ ਲਈ ਸੰਸਾਰ ਦਾ ਹਰ ਵਿਦਵਾਨ ਖਾਹਿਸ਼ ਰੱਖਦਾ ਹੈ । ਇਸ ਪਾਵਨ ਗ੍ਰੰਥ ਵਿੱਚ ਦਰਜ ਹਰ ਫੁਰਮਾਨ ਸਮੁੱਚੀ ਮਨੁੱਖਤਾ ਲਈ ਸਰਬ-ਸਾਂਝਾ ਹੈ । ਪ੍ਰਸਿੱਧ ਸਿੱਖ ਚਿੰਤਕ ਤੇ ਉੱਘੇ ਵਿਦਵਾਨ ਪ੍ਰੋ: ਗੁਰਬਚਨ ਸਿੰਘ ਤਾਲਿਬ ਵਿਸ਼ਵ ਦੀ ਉਹ ਸਿੱਖ ਸ਼ਖ਼ਸੀਅਤ ਸਨ, ਜਿਨ੍ਹਾਂ



-ਭਗਵਾਨ ਸਿੰਘ ਜੌਹਲ
bhagwansinghjohal@gmail.com


ਅੰਗ੍ਰੇਜ਼ੀ ਭਾਸ਼ਾ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ ਦਾ ਅਨੁਵਾਦ ਕਰਕੇ ਅਜਿਹਾ ਚਿਰ ਸਥਾਈ ਕਾਰਜ ਕੀਤਾ, ਜਿਹੜਾ ਸਦੀਆਂ ਤੱਕ ਯਾਦ ਕੀਤਾ ਜਾਂਦਾ ਰਹੇਗਾ, ਇਸ ਮਹਾਨ ਕਾਰਜ ਲਈ ਉਨ੍ਹਾਂ ਨੂੰ ਸਖਤ ਘਾਲਣਾ ਘਾਲਣੀ ਪਈ । ਇਸੇ ਅਨੁਵਾਦ ਸਦਕਾ ਹੀ ਸਮੁੱਚੇ ਸੰਸਾਰ ਵਿੱਚ ਗੁਰਮਤਿ ਦਾ ਪ੍ਰਚਾਰ ਤੇ ਪ੍ਰਸਾਰ ਕਰਕੇ ਉਨ੍ਹਾਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਸਾਰੇ ਵਿਸ਼ਵ ਵਿਆਪੀ ਧਰਮਾਂ ਦੇ ਵਿਦਵਾਨਾਂ ਵਿੱਚੋਂ ਉੱਚ ਕੋਟੀ ਦੇ ਵਿਦਵਾਨ ਵਜੋਂ ਮਾਣ ਸਤਿਕਾਰ ਮਿਲਿਆ । ਅੱਜ ਜਦੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ ਦਾ ਅਨੁਵਾਦ ਕਾਰਜ ਦੇਸ਼ ਅਤੇ ਵਿਦੇਸ਼ ਦੀਆਂ ਅਨੇਕਾਂ ਭਾਸ਼ਾਵਾਂ ਵਿੱਚ ਹੋ ਚੁੱਕਾ ਹੈ, ਉਸ ਸਮੇਂ ਧਰਮ ਦੀ ਦੁਨੀਆਂ ਦੇ ਉਹ ਲੋਕ ਜੋ ਸਿੱਖ ਧਰਮ ਦੇ ਸੰਦੇਸ਼ ਅਤੇ ਪਾਵਨ ਬਾਣੀ ਦੇ ਉਪਦੇਸ਼ ਨੂੰ ਵਿਸ਼ਵ ਦੇ ਕੋਨੇ-ਕੋਨੇ ਪਹੁੰਚਾਉਣਾ ਚਾਹੁੰਦੇ ਹਨ, ਉਹ ਪ੍ਰੋ: ਤਾਲਿਬ ਦੀ ਪ੍ਰਸ਼ੰਸਾ ਕਰਦੇ ਹਨ ।

ਪ੍ਰੋ: ਤਾਲਿਬ ਦਾ ਜਨਮ ਉਸ ਸਮੇਂ ਦੀ ਜੀਂਦ ਰਿਆਸਤ ਦੇ ਮੂਣਕ ਕਸਬੇ ਵਿੱਚ ਸ: ਕਰਤਾਰ ਸਿੰਘ ਅਤੇ ਮਾਤਾ ਜੈ ਕੌਰ ਦੇ ਗ੍ਰਹਿ ਵਿਖੇ 7 ਅਪ੍ਰੈਲ, 1911 ਨੂੰ ਹੋਇਆ । ਪ੍ਰੋ: ਗੁਰਬਚਨ ਸਿੰਘ ਤਾਲਿਬ ਨੇ 1927 ਈ: ਵਿੱਚ ਸਟੇਟ ਹਾਈ ਸਕੂਲ, ਸੰਗਰੂਰ ਤੋਂ ਵਜ਼ੀਫੇ ਸਾਹਿਤ ਦੱਸਵੀਂ ਦੀ ਪ੍ਰੀਖਿਆ ਪਾਸ ਕੀਤੀ । ਇਥੇ ਇਨ੍ਹਾਂ ਦੇ ਪਿਤਾ ਜੀ ਰਿਆਸਤ ਵਿੱਚ ਸਰਕਾਰੀ ਮੁਲਾਜ਼ਮ ਸਨ । ਇਸ ਤੋਂ ਪਿੱਛੋਂ ਇਸ ਹੋਣਹਾਰ ਨੌਜਵਾਨ ਨੇ ਖ਼ਾਲਸਾ ਕਾਲਜ ਅੰਮ੍ਰਿਤਸਰ ਤੋਂ 1933 ਈ: ਵਿੱਚ ਪੰਜਾਬ ਯੂਨੀਵਰਸਿਟੀ ਤੋਂ ਪਹਿਲੇ ਸਥਾਨ 'ਤੇ ਰਹਿ ਕੇ ਐੱਮ ਏ। ਅੰਗ੍ਰੇਜ਼ੀ ਪਾਸ ਕੀਤੀ । ਇਸ ਤੋਂ ਬਾਅਦ ਇਸੇ ਖ਼ਾਲਸਾ ਕਾਲਜ ਅੰਮ੍ਰਿਤਸਰ ਵਿੱਚ ਅੰਗ੍ਰੇਜ਼ੀ ਦੇ ਲੈਕਚਰਾਰ ਵਜੋਂ ਵਿਦਵਤਾ ਦੇ ਪੱਖ ਤੋਂ ਖ਼ੂਬ ਨਾਮਣਾ ਖੱਟਿਆ।



ਪ੍ਰੋ: ਗੁਰਬਚਨ ਸਿੰਘ ਤਾਲਿਬ ਨੇ ਇਨ੍ਹਾਂ ਮੁੱਢਲੇ ਸਾਲਾਂ ਵਿੱਚ ਅਨੇਕਾਂ ਵਿੱਦਿਆਰਥੀਆਂ ਨੂੰ ਅੰਗ੍ਰੇਜ਼ੀ ਵਿਸ਼ੇ ਵਿੱਚ ਨਿਪੁੰਨ ਕੀਤਾ । 1940 ਈ: ਵਿੱਚ ਪ੍ਰੋ: ਤਾਲਿਬ ਨੇ ਖ਼ਾਲਸਾ ਕਾਲਜ ਛੱਡ ਕੇ ਸਿੱਖ ਨੈਸ਼ਨਲ ਕਾਲਜ ਲਾਹੌਰ ਵਿਖੇ ਅੰਗ੍ਰੇਜ਼ੀ ਦੇ ਲੈਕਚਰਾਰ ਵਜੋਂ ਸੇਵਾ ਆਰੰਭ ਕੀਤੀ । ਪ੍ਰੋ: ਤਾਲਿਬ ਦੀ ਵਿਦਵਤਾ ਤੋਂ ਅੰਗ੍ਰੇਜ਼ ਵਿਦਵਾਨ ਵੀ ਕਾਇਲ ਸਨ । 1969 ਤੋਂ 1973 ਤੱਕ ਇਨ੍ਹਾਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਗੁਰੂ ਨਾਨਕ ਚੇਅਰ ਵਿੱਚ ਸਿੱਖ ਧਰਮ ਦੇ ਅਧਿਐਨ ਦੇ ਪ੍ਰੋਫੈਸਰ ਵਜੋਂ ਸੇਵਾਵਾਂ ਨਿਭਾਈਆਂ । ਇਸ ਤੋਂ ਬਾਅਦ ਕੁਝ ਕੁ ਸਮੇਂ ਲਈ ਬਨਾਰਸ ਹਿੰਦੂ ਯੂਨੀਵਰਸਿਟੀ ਵਿੱਚ ਵੀ ਗੁਰੂ ਨਾਨਕ ਚੇਅਰ ਲਈ ਵੀ ਫਰਜ਼ ਨਿਭਾਏ । ਹੁਣ ਸਿਹਤ ਦੀ ਖਰਾਬੀ ਰਹਿਣ ਕਰਕੇ ਪਟਿਆਲਾ ਆ ਗਏ । ਇਸ ਸਮੇਂ ਪੰਜਾਬੀ ਯੂਨੀਵਰਸਿਟੀ ਵਿੱਚ ਫੈਲੋ ਵਜੋਂ ਆਪਣੀ ਡਿਊਟੀ ਨੂੰ ਨਿਭਾਇਆ।

ਪ੍ਰੋ: ਗੁਰਬਚਨ ਸਿੰਘ ਤਾਲਿਬ ਨੇ ਆਪਣੇ ਜੀਵਨ ਦੇ ਯਾਦਗਾਰੀ ਕਾਰਜ 1976 ਈ: ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਨੁਵਾਦ ਨੂੰ ਆਰੰਭ ਕੀਤਾ । ਇਸ ਕਾਰਜ ਦੀ ਸੰਪੂਰਨਤਾ ਤੋਂ ਪਿੱਛੋਂ 1985 ਈ: ਵਿੱਚ ਭਾਰਤ ਸਰਕਾਰ ਵੱਲੋਂ ਸਾਹਿਤ ਦੇ ਖੇਤਰ ਵਿੱਚ ਪਾਏ ਯੋਗਦਾਨ ਵਜੋਂ ਪਦਮ-ਭੂਸ਼ਣ ਦਾ ਸਨਮਾਨ ਪ੍ਰਾਪਤ ਕੀਤਾ । ਹੁਣ ਪ੍ਰੋ: ਗੁਰਬਚਨ ਸਿੰਘ ਤਾਲਿਬ ਨੂੰ ਇੰਡੀਅਨ ਕੌਂਸਲ ਆਫ਼ ਹਿਸਟੋਰੀਅਨ ਰਿਸਰਚ ਨਵੀਂ ਦਿੱਲੀ ਵੱਲੋਂ ਰਾਸ਼ਟਰੀ ਫੈਲੋਸ਼ਿੱਪ ਵੀ ਦਿੱਤੀ ਗਈ । ਪ੍ਰੋ: ਤਾਲਿਬ ਨੂੰ ਇਸ ਗੱਲ ਲਈ ਪੂਰੀ ਸੰਤੁਸ਼ਟੀ ਸੀ ਕਿ ਆਪਣੇ ਜੀਵਨ ਦਾ ਯਾਦਗਾਰੀ ਕਾਰਜ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਅਨੁਵਾਦ ਚਾਰ ਭਾਗਾਂ ਵਿੱਚ ਸੰਪੂਰਨ ਹੋ ਚੁੱਕਾ ਸੀ । ਇਸ ਕਾਰਜ ਤੋਂ ਇਲਾਵਾ ਪ੍ਰੋ: ਤਾਲਿਬ ਨੇ ਅੰਗ੍ਰੇਜ਼ੀ ਭਾਸ਼ਾ ਦੀਆਂ ਬਹੁਤ ਸਾਰੀਆਂ ਪੁਸਤਕਾਂ ਪਾਠਕਾਂ ਨੂੰ ਭੇਟ ਕੀਤੀਆਂ । ਪੰਜਾਬੀ ਭਾਸ਼ਾ ਦੇ ਸਾਹਿਤਕ ਖੇਤਰ ਵਿੱਚ ਵੀ ਸਮੇਂ-ਸਮੇਂ ਆਪਣਾ ਭਰਪੂਰ ਯੋਗਦਾਨ ਪਾਇਆ । ਪੰਜਾਬੀ ਵਿੱਚ ਛਪੀਆਂ ਪੁਸਤਕਾਂ ਵਿੱਚ ਅਣਪਛਾਤੇ ਰਾਹ, ਆਧੁਨਿਕ ਪੰਜਾਬੀ ਸਾਹਿਤ, ਆਧੁਨਿਕ ਵਾਰਤਿਕ ਲਿਖਾਰੀ, ਪਵਿੱਤਰ ਜੀਵਨ ਕਥਾਵਾਂ, ਬਾਬਾ ਸ਼ੇਖ ਫ਼ਰੀਦ ਜੀਵਨ - ਵਾਰਤਾ ਤੇ ਸਿੱਖਿਆ ਆਦਿ

ਆਵਾਜ਼ਿ ਕੌਮ AWAZE QAUM International Newspaper & WEB TV

ਪੁਸਤਕਾਂ ਨਾਲ ਪੰਜਾਬੀ ਸਾਹਿਤ ਦੀ ਝੋਲੀ ਪਾ ਕੇ ਪੰਜਾਬੀ ਮਾਂ-ਬੋਲੀ ਦੀ ਸੇਵਾ ਵੀ ਕੀਤੀ । ਇਸ ਤੋਂ ਇਲਾਵਾ ਅਨੇਕਾਂ ਖੋਜ ਪੱਤਰ ਅਤੇ ਲੇਖ ਵੀ ਪ੍ਰਕਾਸ਼ਿਤ ਕੀਤੇ ।

ਸਮੁੱਚੇ ਵਿਸ਼ਵ ਵਿੱਚ ਗੁਰਬਾਣੀ ਦੇ ਉਪਦੇਸ਼ ਅਤੇ ਗੁਰਮਤਿ ਦੇ ਪ੍ਰਚਾਰ ਅਤੇ ਪ੍ਰਸਾਰ ਨੂੰ ਆਪਣੇ ਜੀਵਨ ਦਾ ਉਦੇਸ਼ ਸਮਝਕੇ ਕਰਨ ਵਾਲੀ ਮਹਾਨ ਸ਼ਖ਼ਸੀਅਤ 9 ਅਪ੍ਰੈਲ, 1986 ਈ: ਨੂੰ ਪਟਿਆਲਾ ਸ਼ਹਿਰ ਵਿੱਚ ਦਿਲ ਦੀ ਹਰਕਤ ਬੰਦ ਹੋ ਜਾਣ ਕਰਕੇ ਆਪਣੇ ਅਨੇਕਾਂ ਸਨੇਹੀਆਂ ਨੂੰ ਹਮੇਸ਼ਾਂ ਲਈ ਅਲਵਿਦਾ ਆਖ ਗਈ । ਅੱਜ ਵੀ ਸਾਡੇ ਸੁਹਿਰਦ ਵਿਦਵਾਨਾਂ ਲਈ ਉਨ੍ਹਾਂ ਦਾ ਜੀਵਨ ਪ੍ਰੇਰਨਾ ਦਾ ਸਰੋਤ ਹੈ । ਸਾਡੇ ਕੋਲ ਅੱਜ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਨੁਵਾਦ ਦੇ ਚਾਰ ਭਾਗ ਉਨ੍ਹਾਂ ਦੀ ਯਾਦ ਵਿੱਚ ਮੌਜੂਦ ਹਨ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਪੀਲ

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।**



ਇਹ ਸੁਝਾਅ
ਮਿਤੀ 20 ਅਪ੍ਰੈਲ 2025 ਤੱਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ
ਅਧਿਕਾਰਤ ਈਮੇਲ
**info@sgpc.net** ਅਤੇ
ਵੱਟਸਐਪ ਨੰਬਰ **77101-36200**
'ਤੇ ਭੇਜੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

**ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## Celebrate Vaisakhi by the Canal

# A Joyous Community Success!










**-Kuldeep Singh Deol**
**President, Guru Nanak Gurdwara Smethwick, 07971931075**

The Celebrate Vaisakhi by the Canal event, held on Saturday 5th April 2025 from 10:30am to 2:30pm, was a resounding success. Organised in partnership by the Canal & River Trust and Guru Nanak Gurdwara Smethwick, the event took place near the Toll House (canal entrance via Bridge Street North, Smethwick) and welcomed families and visitors from all backgrounds.

The day was packed with free activities for all ages, including a bouncy castle, tug of war, kayaking, inspiring Vaisakhi talks, and Langar—a free vegetarian meal served to all attendees, continuing the Sikh tradition of selfless service.

Speaking at the event, Kuldeep Singh Deol, President of Guru Nanak Gurdwara Smethwick, said:

"Mother Nature is central to the Sikh faith, and we are taught to respect and care for our environment. Events like this help connect the community—regardless of background—with nature, and remind us of the beauty and peace that exists even in the heart of a bustling city like Birmingham. We are grateful to the Canal & River Trust and their dedicated volunteers for partnering with us to make this day a memorable one for the community."

**About Vaisakhi:**

Vaisakhi is a significant celebration in the Sikh calendar, commemorating the formation of the Khalsa (the collective body of initiated Sikhs) by the 10th Guru, Guru Gobind Singh Ji, on 14th April 1699. The Khalsa was created to stand up for justice, protect the vulnerable, and uphold righteousness. Vaisakhi also marks the traditional harvest festival in Punjab, the birthplace of Sikhism.

Guru Nanak Gurdwara Smethwick remains committed to bringing people together, promoting unity, and celebrating faith and culture in an inclusive, welcoming way.

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## Celebrate Vaisakhi by the Canal

# A Joyous Community Success!





















ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਖ਼ਾਲਸੇ ਦੀ ਜਨਮਭੂਮੀ ਜ਼ਿਲ੍ਹਾ ਰੋਪੜ ਵਿਖੇ

# ਪੰਜ ਮੈਂਬਰੀ ਭਰਤੀ ਕਮੇਟੀ ਦੀ ਮੀਟਿੰਗ ਨੂੰ ਮਿਲਿਆ ਵੱਡਾ ਪੰਥਕ ਹੁੰਗਾਰਾ








**ਰੋਪੜ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਹੇਤੂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਬਣੀ ਭਰਤੀ ਕਮੇਟੀ ਦੇ ਮੈਬਰਾਂ ਸਰਦਾਰ ਮਨਪ੍ਰੀਤ ਸਿੰਘ ਇਯਾਲੀ, ਜੱਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ, ਜੱਥੇਦਾਰ ਇਕਬਾਲ ਸਿੰਘ ਝੂੰਦਾਂ, ਜੱਥੇਦਾਰ ਸੰਤਾ ਸਿੰਘ ਉਮੈਦਪੁਰੀ ਦੀਆਂ ਕੋਸ਼ਿਸ਼ਾਂ ਨੂੰ ਮਾਲਵਾ, ਮਾਝਾ,ਦੁਆਬਾ ਵਿੱਚ ਮਿਲੇ ਵੱਡੇ ਹੁੰਗਾਰੇ ਤੋਂ ਬਾਅਦ ਪੁਆਧ ਦੀ ਖਾਲਸਾ ਪੰਥ ਦੀ ਸਿਰਜਣਾ ਵਾਲੀ ਧਰਤੀ ਜ਼ਿਲਾ ਰੋਪੜ ਤੋਂ ਵੀ ਵੱਡਾ ਜਨ ਸਮਰਥਨ ਮਿਲਿਆ।ਸਰਦਾਰ ਇਯਾਲੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਅੱਜ ਪੰਥ, ਕੌਮ ਅਤੇ ਪਾਰਟੀ ਆਪਣੇ ਸਭ ਤੋਂ ਬੁਰੇ ਸਮੇਂ ਵਿੱਚੋ ਗੁਜਰ ਰਹੀ ਹੈ। ਸੱਤਾ ਵਿੱਚ ਕੀਤੀਆਂ ਗਲਤੀਆਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲੱਗੀ ਸਜਾ ਤੋਂ ਬਾਅਦ ਕੀਤੇ ਗਏ ਗੁਨਾਹਾਂ ਨੇ ਪਾਰਟੀ ਨੂੰ ਵੱਡਾ ਖੋਰਾ ਲਗਾਇਆ। ਸਰਦਾਰ ਇਯਾਲੀ ਨੇ ਕਿਹਾ ਕਿ ਲੀਡਰਸ਼ਿਪ ਦੀਆਂ ਗਲਤੀਆਂ ਕਰਕੇ ਵਰਕਰ ਪਾਰਟੀ ਤੋ ਦੂਰ ਹੁੰਦੇ ਗਏ, ਇਸ ਕਰਕੇ ਪਿਛਲੀਆਂ ਚਾਰ ਚੋਣਾਂ ਵਿੱਚ ਪਾਰਟੀ ਨੂੰ ਇਸ ਦੀ ਕੀਮਤ ਚੁਕਾਉਣੀ ਪਈ। ਸਰਦਾਰ ਇਯਾਲੀ ਨੇ ਕਿਹਾ ਕਿ ਅੱਜ ਕਿਹਾ ਜਾ ਰਿਹਾ ਹੈ ਕਿ ਪਾਰਟੀ ਦੋਫਾੜ੍ਹ ਹੋ ਰਹੀ ਹੈ,ਪਾਰਟੀ ਕਮਜੋਰ ਹੋ ਚੁੱਕੀ ਹੈ, ਸਾਡੇ ਲਈ ਇਹ ਇਮਤਿਹਾਨ ਦਾ ਸਮਾਂ ਹੈ, ਜਿਸ ਵਿੱਚੋਂ ਪਾਰਟੀ ਮਜ਼ਬੂਤ ਹੋਕੇ ਨਿਕਲੇਗੀ। ਸਰਦਾਰ ਇਯਾਲੀ ਨੇ ਕਿਹਾ ਕਿ ਪੰਜਾਬ ਦਾ ਅੱਜ ਹਰ ਵਰਗ ਸ਼੍ਰੋਮਣੀ ਅਕਾਲੀ ਦਲ ਨੂੰ ਪਿਆਰ ਕਰਦਾ ਹੈ, ਜੇਕਰ ਓਹਨਾ ਦੀ ਨਰਾਜ਼ਗੀ ਹੈ ਤਾਂ ਕੁਝ ਲੀਡਰਸ਼ਿਪ ਨਾਲ ਹੋ ਸਕਦੀ ਹੈ। ਪੰਜਾਬ ਦੇ ਲੋਕ ਇਹ ਗੱਲ ਚੰਗੀ ਤਰ੍ਹਾਂ ਜਾਣਦੇ ਹਨ ਕਿ ਜੇਕਰ ਕੋਈ ਪਾਰਟੀ ਹੈ ਜਿਹੜੀ ਪੰਜਾਬ ਦਾ ਭਲਾ ਕਰ ਸਕਦੀ ਹੈ ਉਹ ਸਿਰਫ਼ ਤੇ ਸਿਰਫ਼ ਆਪਣੀ ਸਿਆਸੀ ਜਮਾਤ ਸ਼੍ਰੋਮਣੀ ਅਕਾਲੀ ਦਲ ਹੈ, ਇਸ ਕਰਕੇ ਅੱਜ ਪਾਰਟੀ ਲੀਡਰਸ਼ਿਪ ਤੋਂ ਨਰਾਜ਼ ਹੋਕੇ ਦੂਜੀਆਂ ਪਾਰਟੀਆਂ ਵਿੱਚ ਗਏ ਵਰਕਰਾਂ ਸਨਮਾਨ ਜਨਕ ਵਾਪਸੀ ਕਰ ਰਹੇ ਹਨ ।

> ☛ ਸ਼੍ਰੋਮਣੀ ਅਕਾਲੀ ਦਲ ਦੋਫਾੜ੍ਹ ਨਹੀਂ ਹੈ,ਇਮਤਿਹਾਨ ਵਿੱਚੋਂ ਮਜ਼ਬੂਤ ਹੋਕੇ ਨਿਕਲੇਗੀ ਪਾਰਟੀ,ਅਲਵਿਦਾ ਆਖ ਚੁੱਕੇ ਵਰਕਰਾਂ ਨੂੰ ਸਨਮਾਨ ਨਾਲ ਵਾਪਸੀ ਕਰਨ ਦਾ ਸੱਦਾ - ਇਯਾਲੀ ☛ ਝੂੰਦਾਂ ਕਮੇਟੀ ਰਿਪੋਰਟ ਜਨਤਕ ਕਰਨ ਤੋਂ ਲੈਕੇ ਵਰਕਰਾਂ ਦੀ ਮੰਗ ਅਨੁਸਾਰ ਪਾਰਟੀ ਸੰਵਿਧਾਨ ਵਿੱਚ ਸੋਧ ਸਮੇਂ ਦੀ ਲੋੜ - ਝੂੰਦਾਂ,ਵਡਾਲਾ

ਸਰਦਾਰ ਇਯਾਲੀ ਨੇ ਹਾਜ਼ਰ ਸੰਗਤ ਸਾਹਮਣੇ ਮੁੜ ਦੁਹਰਾਇਆ ਕਿ ਕਿਸੇ ਵੀ ਮੈਬਰ ਦਾ ਆਪਣਾ ਨਿੱਜੀ ਹਿੱਤ ਨਹੀਂ ਹੈ, ਖਾਲਸਾ ਪੰਥ ਹੁਕਮ ਕਰੇ, ਓਹ ਤਿਆਗ ਸਮਰਪਣ ਦੀ ਭਾਵਨਾ ਪੇਸ਼ ਕਰਨ ਲਈ ਤਿਆਰ ਹਨ। ਪੰਜ ਮੈਂਬਰੀ ਭਰਤੀ ਕਮੇਟੀ ਲਿਖਤੀ ਤੌਰ ਤੇ ਐਫੀਡੇਵਿਟ ਦੇਣ ਲਈ ਤਿਆਰ ਹਨ ਕਿ ਓਹ ਬਗੈਰ ਕਿਸੇ ਚੋਣ ਲੜੇ ਅਤੇ ਅਹੁਦੇ ਤੋ ਸੇਵਾ ਕਰਨ ਲਈ ਤਿਆਰ ਹਨ। ਸਰਦਾਰ ਇਯਾਲੀ ਨੇ ਜੋਰ ਦੇਕੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਸਭ ਦੀ ਪਛਾਣ ਹੈ, ਇਹ ਪਾਰਟੀ ਕੁਰਬਾਨੀ ਸੇਵਾ ਅਤੇ ਤਿਆਗ ਦੇ ਸਿਧਾਂਤ ਨਾਲ ਚਲਦੀ ਹੈ, ਏਥੇ ਵਿਅਕਤੀ ਵਿਸ਼ੇਸ਼ ਜਾਂ ਕੁਰਸੀ ਵਾਲਿਆਂ ਦੀ ਕੋਈ ਜਗ੍ਹਾ ਨਹੀਂ ਹੈ। ਸਰਦਾਰ ਇਯਾਲੀ ਨੇ ਕਿਸਾਨੀ ਪੱਖ ਨੂੰ ਖੇਤਰੀ ਪਾਰਟੀ ਦਾ ਮਜ਼ਬੂਤ ਧੁਰਾ ਕਰਾਰ ਦਿੰਦੇ ਕਿਹਾ ਕਿ ਹਰ ਸਰਕਾਰ ਨੇ ਕਿਸਾਨਾਂ ਨਾਲ ਧੋਖਾ ਕੀਤਾ। ਸਰਦਾਰ ਇਯਾਲੀ ਨੇ ਕਿਸਾਨ ਆਗੂਆਂ ਨੂੰ ਖੁੱਲ੍ਹੇ ਮਨ ਨਾਲ ਸੱਦਾ ਦਿੰਦੇ ਕਿਹਾ ਕਿ ਆਓ ਪੰਜਾਬ ਨੂੰ ਉਸਾਰੂ ਪੱਖ ਵੱਲ ਲੈਕੇ ਜਾਣ ਲਈ ਪੰਜ ਮੈਂਬਰੀ ਭਰਤੀ ਕਮੇਟੀ ਦਾ ਸਾਥ ਦਿਉ, ਤੁਹਾਡਾ ਸਾਥ ਤੋਂ ਬਗੈਰ ਉਸਾਰੂ ਪੱਖ ਅਧੂਰਾ ਰਹੇਗਾ, ਇਸ ਲਈ ਪੰਜ ਮੈਂਬਰੀ ਭਰਤੀ ਕਮੇਟੀ ਜਲਦੀ ਕਿਸਾਨ ਆਗੂਆਂ ਨਾਲ ਮੀਟਿੰਗ ਦਾ ਦੌਰ ਸ਼ੁਰੂ ਕਰਕੇ ਪੰਜਾਬ ਨੂੰ ਮਜ਼ਬੂਤ ਦਿਸ਼ਾ ਵੱਲ ਲੈਕੇ ਜਾਣ ਦਾ ਰਸਤਾ ਅਖ਼ਤਿਆਰ ਕਰੇਗੀ। ਪੰਥਕ ਧਰਤੀ ਤੇ ਹੋਏ ਵੱਡੇ ਇਕੱਠ ਨੂੰ ਸੰਬੋਧਨ ਕਰਦੇ ਜਥੇਦਾਰ ਵਡਾਲਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਦਾ ਰਸਤਾ ਝੂੰਦਾਂ ਕਮੇਟੀ ਦੀਆਂ ਸਿਫਾਰਸ਼ਾਂ ਵਾਲੀ ਰਿਪੋਰਟ ਤੋਂ ਵੀ ਨਿਕਲਦਾ ਹੈ। ਇਸ ਰਿਪੋਰਟ ਵਿੱਚ ਸੌ ਤੋਂ ਵੱਧ ਵਿਧਾਨ ਸਭਾ ਹਲਕਿਆਂ ਦੇ ਵਰਕਰਾਂ ਦੀਆਂ ਭਾਵਨਾਵਾਂ ਦਰਜ ਕੀਤੀਆਂ ਗਈਆਂ ਸਨ। ਜੱਥੇਦਾਰ ਵਡਾਲਾ ਨੇ ਕਿਹਾ ਕਿ ਅੱਜ ਸਮੇਂ ਦੀ ਮੰਗ ਹੈ ਕਿ ਝੂੰਦਾਂ ਰਿਪੋਰਟ ਨੂੰ ਜਨਤਕ ਕੀਤਾ ਜਾਵੇ। ਜੱਥੇਦਾਰ ਇਕਬਾਲ ਸਿੰਘ ਝੂੰਦਾਂ ਨੇ ਵਰਕਰਾਂ ਦੀਆਂ ਭਾਵਨਾਵਾਂ ਦੀ ਤਰਜਮਾਨੀ ਕਰਦੇ ਕਿਹਾ ਕਿ ਅੱਜ ਵਰਕਰ ਸਮੇਤ ਹਰ ਆਗੂ ਚਾਹੁੰਦਾ ਹੈ ਕਿ ਪਾਰਟੀ ਅੰਦਰ ਲੋਕਤੰਤਰਿਕ ਕਦਰਾਂ ਕੀਮਤਾਂ ਨੂੰ ਬਹਾਲ ਕੀਤਾ ਜਾਵੇ। ਇਹਨਾ ਕਦਰਾਂ ਕੀਮਤਾਂ ਦੀ ਬਹਾਲੀ ਲਈ ਪਾਰਟੀ ਦੇ ਸੰਵਿਧਾਨ ਵਿੱਚ ਵਰਕਰਾਂ ਦੀ ਭਾਵਨਾ ਹੇਠ ਸੋਧ ਕੀਤੀ ਜਾਵੇਗੀ। ਮੁੱਖ ਮੰਤਰੀ ਦਾ ਚਿਹਰਾ, ਪਾਰਟੀ ਪ੍ਰਧਾਨ ਦੀਆਂ ਸ਼ਕਤੀਆਂ ਅਤੇ ਪਾਰਲੀਮੈਂਟ ਬੋਰਡ ਦੀ ਤਾਕਤ ਨੂੰ ਵੱਖ ਵੱਖ ਕੀਤਾ ਜਾਵੇਗਾ। ਹਰ ਅਹੁਦੇ ਲਈ ਵੱਧ ਤੋਂ ਵੱਧ ਸਮਾਂ ਨਿਰਧਾਰਿਤ ਕੀਤਾ ਜਾਵੇਗਾ। ਟਿਕਟਾਂ ਦੀ ਵੰਡ ਤੋਂ ਲੈਕੇ ਸੰਗਠਨ ਤੱਕ ਦੇ ਅਹੁਦਿਆਂ ਲਈ ਪਾਰਦਰਸ਼ਤਾ ਲਿਆਂਦੀ ਜਾਵੇਗੀ। ਕੌਮ ਪੰਥ ਅਤੇ ਪੰਜਾਬ ਨੂੰ ਸਮਰਪਿਤ ਲੀਡਰਸ਼ਿਪ ਮਿਲੇ ਇਸ ਲਈ ਯਤਨ ਜਾਰੀ ਹਨ। ਜੱਥੇਦਾਰ ਸੰਤਾ ਸਿੰਘ ਉਮੈਦਪੁਰ ਨੇ ਪਾਰਟੀ ਦੀ ਮੌਜੂਦਾ ਸਥਿਤੀ ਲਈ ਇੱਕ ਵਿਅਕਤੀ ਵਿਸ਼ੇਸ਼ ਅਤੇ ਉਸ ਦੀ ਅਗਵਾਈ ਵਾਲੇ ਧੜੇ ਨੂੰ ਕਰਾਰ ਦਿੰਦੇ ਕਿਹਾ ਕਿ ਅੱਜ ਸਿਧਾਤਾਂ ਨੂੰ ਛਿੱਕੇ ਟੰਗ ਜਾ ਚੁੱਕਾ ਹੈ। ਇੱਕ ਪਰਿਵਾਰ ਅਤੇ ਵਿਅਕਤੀ ਵਿਸ਼ੇਸ਼ ਲਈ ਸਭ ਕੁਝ ਹੋ ਰਿਹਾ ਹੈ। ਬੋਗਸ ਭਰਤੀ ਜਰੀਏ ਝੂਠੇ ਅੰਕੜੇ ਪੇਸ਼ ਕਰਕੇ ਫ਼ਸੀਲ ਤੋ ਨਕਾਰੀ ਜਾ ਚੁੱਕੀ ਲੀਡਰਸ਼ਿਪ ਸਿਆਸੀ ਅਗਵਾਈ ਦਾ ਆਧਾਰ ਗੁਆ ਚੁੱਕੇ ਲੀਡਰਾਂ ਨੂੰ ਵੱਡੀਆਂ ਅਹੁਦੇਦਾਰੀਆਂ ਦੇਣ ਲਈ ਸਾਜਿਸ਼ ਰਚ ਰਹੀ ਹੈ। ਇਸ ਮੌਕੇ ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਕੁਝ ਲੋਕਾਂ ਦੇ ਗਲਤ ਫ਼ੈਸਲਿਆਂ ਦੀ ਕੀਮਤ ਵਰਕਰ ਚੁੱਕਾ ਰਹੇ ਹਨ। ਪਾਰਟੀ ਵਿੱਚ ਫੈਸਲੇ ਲਏ ਨਹੀਂ ਸਗੋ ਥੋਪੇ ਜਾਂਦੇ ਹਨ। ਇਹਨਾਂ ਫੈਸਲਿਆਂ ਦੀ ਵਜਾ ਨਾਲ ਪਾਰਟੀ ਅੱਜ ਆਪਣੇ ਸਭ ਤੋਂ ਬੁਰੇ ਦੌਰ ਵਿੱਚੋ ਗੁਜਰ ਰਹੀ ਹੈ। ਅੱਜ ਪਾਰਟੀ ਲੀਡਰਸ਼ਿਪ ਵਿੱਚ ਤਿਆਰ ਦੀ ਭਾਵਨਾ ਵਾਲੇ ਲੀਡਰਾਂ ਨਾ ਰਹਿਣ ਕਰਕੇ ਸਾਡੇ ਵਰਕਰ ਪਾਰਟੀ ਨੂੰ ਅਲਵਿਦਾ ਕਹਿਣ ਕਈ ਮਜਬੂਰ ਹੋਏ। ਇਸ ਮੌਕੇ ਬੀਬੀ ਜਗੀਰ ਕੌਰ ਨੇ ਪੰਥਕ ਸਭਾਵਾਂ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਭਗੌੜੀ ਹੋਈ ਲੀਡਰਸ਼ਿਪ ਖ਼ਿਲਾਫ਼ ਇੱਕਠੇ ਹੋਣ ਦਾ ਹੋਕਾ ਦਿੰਦੇ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਸਾਨੂੰ ਆਪਣੇ ਸਿਧਾਂਤਾਂ ਨੂੰ ਬਚਾਉਣ ਲਈ ਆਵਾਜ ਬੁਲੰਦ ਕਰੀਏ। ਬਿਜੀ ਜਗੀਰ ਕੌਰ ਨੇ ਅਗਾਮੀ ਐਸਜੀਪੀਸੀ ਚੋਣਾਂ ਲਈ ਚੰਗੇ ਅਤੇ ਸ੍ਰੀ ਅਕਾਲ ਤਖ਼ਤ ਨੂੰ ਸਮਰਪਿਤ ਸੇਵਾਦਾਰਾਂ ਦੀ ਚੋਣ ਕਰਕੇ ਭੇਜਣ ਦੀ ਬੇਨਤੀ ਕੀਤੀ। ਸਰਦਾਰ ਰਵੀਇੰਦਰ ਸਿੰਘ ਨੇ ਵੀ ਖਾਸ ਤੌਰ ਤੇ ਆਪਣੀ ਹਾਜ਼ਰੀ ਲਗਵਾਈ। ਸਰਦਾਰ ਰਵੀ ਇੰਦਰ ਸਿੰਘ ਨੇ ਸਮੁੱਚੇ ਪੰਥ ਹਿਤੈਸ਼ੀ ਅਤੇ ਅਕਾਲੀ ਸੋਚ ਨੂੰ ਸਮਰਪਿਤ ਲੋਕਾਂ ਨੂੰ ਬੇਨਤੀ ਕੀਤੀ ਕਿ, ਅੱਜ ਸਮੇਂ ਦੀ ਮੰਗ ਹੈ ਕਿ ਸਾਨੂੰ ਆਪਣੀ ਖੇਤਰੀ ਪ੍ਰਤੀਨਿਧਤਾ ਨੂੰ ਮਜ਼ਬੂਤ ਰੱਖਣ ਲਈ ਆਪਣੀ ਸਿਆਸੀ ਤਾਕਤ ਰੱਖਦੀ ਜਮਾਤ ਨੂੰ ਮਜ਼ਬੂਤੀ ਪ੍ਰਦਾਨ ਕਰੀਏ। ਸਰਦਾਰ ਰਵੀਇੰਦਰ ਸਿੰਘ ਨੇ ਕਿਹਾ ਕਿ ਪੰਜਾਬ ਨਾਲ ਜੁੜੇ ਮੁੱਦਿਆਂ ਤੇ ਸਿਰਫ ਸ਼੍ਰੋਮਣੀ ਅਕਾਲੀ ਦਲ ਹੀ ਪਹਿਰਾ ਦੇ ਸਕਦਾ ਹੈ। ਇਸ ਲਈ ਸਰਦਾਰ ਰਵੀਇੰਦਰ ਸਿੰਘ ਨੇ ਨੌਜਵਾਨਾਂ ਨੂੰ ਵੀ ਖਾਸ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਆਪਣੀ ਸਿਆਸੀ ਧੁਰੇ ਦੀ ਤਾਕਤ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਨ। ਇਸ ਵੱਡੇ ਸਮਾਗਮ ਨੂੰ ਨੇਪਰੇ ਚਾੜਨ ਲਈ ਅਹਿਮ ਯੋਗਦਾਨ ਪਾਉਣ ਲਈ 15 ਮੈਂਬਰੀ ਕਮੇਟੀ ਨੇ ਤਨਦੇਹੀ ਨਾਲ ਅੱਜ ਦੀ ਮੀਟਿੰਗ ਨੂੰ ਕਾਮਯਾਬ ਬਣਾਉਣ ਲਈ ਅਹਿਮ ਯੋਗਦਾਨ ਪਾਇਆ। ਜਿਲਾ ਜੱਥੇਦਾਰ ਗੁਰਿੰਦਰ ਸਿੰਘ ਗੋਗੀ ਵਲੋ ਹਾਜ਼ਰ ਸੰਗਤ ਦਾ ਧੰਨਵਾਦ ਕਰਦੇ ਕਿਹਾ ਕਿ ਅੱਜ ਸਭ ਦੀ ਨਜਰ ਰੋਪੜ ਜ਼ਿਲੇ ਤੇ ਸੀ। ਅੱਜ ਜ਼ਿਲੇ ਦੇ ਵਰਕਰਾਂ ਅਤੇ ਆਗੂ ਸਾਹਿਬਾਨਾਂ ਨੇ ਇਸ ਗੱਲ ਤੇ ਮੋਹਰ ਲਗਾ ਦਿੱਤੀ ਹੈ ਕਿ ਜ਼ਿਲੇ ਦੇ ਵਰਕਰ ਸਿਧਾਤਾਂ ਨਾਲ ਅਡੋਲ ਖੜੇ ਹਨ। ਇਸ ਕਰਕੇ ਅੱਜ ਜ਼ਿਲੇ ਦੇ ਵਰਕਰਾਂ ਨੇ ਕਾਬਜ਼ ਲੀਡਰਸ਼ਿਪ ਨੂੰ ਸਾਫ ਸੁਨੇਹਾ ਦੇ ਦਿੱਤਾ ਹੈ ਵਰਕਰ ਅੱਜ ਵੀ ਮਜ਼ਬੂਤ ਹਨ ਅਤੇ ਪਾਰਟੀ ਦੀ ਮੁੱਖ ਧਾਰਾ ਨਾਲ ਖੜੇ ਹਨ। ਇਸ ਮੌਕੇ ਬੀਬੀ ਸਤਵਿੰਦਰ ਕੌਰ ਧਾਲੀਵਾਲ, ਹਰਬੰਸ ਸਿੰਘ ਕੰਧੋਲਾ, ਪ੍ਰੀਤਮ ਸਿੰਘ ਸੱਲੋਮਾਜਰਾ, ਸ਼ਮਸੇਰ ਸਿੰਘ ਸ਼ੇਰਾ, ਭੁਪਿੰਦਰ ਸਿੰਘ ਬਜਰੂਰ,ਗੁਰਵਿੰਦਰ ਸਿੰਘ ਡੂਮਛੇੜੀ,ਤੇਜਪਾਲ ਸਿੰਘ ਕੁਰਾਲੀ, ਜਸਵੀਰ ਸਿੰਘ ਕਾਈਨੌਰ, ਅੰਮ੍ਰਿਤਪਾਲ ਸਿੰਘ ਖਟੜਾ, ਜਗਜੀਤ ਸਿੰਘ ਰਤਨਗੜ੍ਹ, ਗੁਰਮੀਤ ਸਿੰਘ ਮਕੜੋਨਾ, ਦਰਬਾਰ ਸਹਿਬ ਘਨੌਲੀ, ਗੁਰਮੁੱਖ ਸਿੰਘ, ਮਨਦੀਪ ਸਿੰਘ ਖਿਜਰਾਬਾਦ, ਸਰਬਜੀਤ ਸਿੰਘ ਕਾਦੀਮਾਜਰਾ ,ਸੁਰਿੰਦਰ ਸਿੰਘ ਪੰਚ,ਸੁਰਜੀਤ ਸਿੰਘ ਦੁਲਚੀ ਮਾਜਰਾ ਗੁਰਪ੍ਰੀਤ ਸਿੰਘ ਜਗਜੀਤ ਨਗਰ ਹਰਸ਼ਪ੍ਰੀਤ ਸਿੰਘ ਮਨਜੋਤ ਸਿੰਘ ਲਾਡਲ ਜਗਮਨ ਸਿੰਘ ਪੜੀ ਮਾਸਟਰ ਕਮਲ ਸਿੰਘ ਗੁਰਪਾਲ ਸਿੰਘ ਢੇਰ ਹਰਜਿੰਦਰ ਸਿੰਘ ਗੱਜਪੁਰ,ਮੁਖਤਿਆਰ ਸਿੰਘ ਲੰਬੜਦਾਰ ਚਮਕੌਰ ਸਾਹਿਬ ਸਮੇਤ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਹਾਜ਼ਰ ਸਨ।

## ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਦਾਖਲੇ ਲਈ ਬੱਚਿਆਂ ''ਚ ਭਾਰੀ ਉਤਸ਼ਾਹ - ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ



**ਬਰਨਾਲਾ (ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ (ਬਰਨਾਲਾ) ਵਿਚ ਦਾਖ਼ਲੇ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਸਬੰਧੀ ਸੰਸਥਾ ਦੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਦੱਸਿਆ ਕਿ ਸਕੂਲ ਵਿੱਚ ਉੱਚ ਕੁਆਲਟੀ ਦੀ ਸਿੱਖਿਆ ਜਾਇਜ਼ ਫ਼ੀਸਾਂ ਨਾਲ ਕਰਵਾਈ ਜਾ ਰਹੀ ਹੈ। ਤੇ ਸਕੂਲ ਦਾ ਮਿਹਨਤੀ ਅਤੇ ਤਜਰਬੇਕਾਰ ਉੱਚ ਯੋਗਤਾ ਪ੍ਰਾਪਤ ਸਟਾਫ਼, 100 ਫ਼ੀਸਦੀ ਨਤੀਜੇ ਪੜਾਈ ਦੇ ਨਾਲ ਨਾਲ ਮੰਨੋਰੰਜਨ ਗੇਮਾਂ, ਸੱਭਿਆਚਾਰਕ ਪ੍ਰੋਗਰਾਮ ਅਤੇ ਖੇਡਾਂ ਆਦਿ ਵਿਸ਼ੇਸ਼ਤਾਵਾਂ ਦੇ ਸਦਕਾ ਮਾਤਾ ਪਿਤਾ ਨੇ ਵੱਧ ਚੜ੍ਹ ਕੇ ਆਪਣੇ ਬੱਚਿਆਂ ਨੂੰ ਸਕੂਲ ਵਿੱਚ ਦਾਖਲ ਕਰਵਾਇਆ। ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਅੱਗੇ ਕਿਹਾ ਕਿ ਸਾਡੇ ਸਕੂਲ ਦਾ ਮਿਹਨਤੀ ਸਟਾਫ਼ ਬੱਚਿਆਂ ਨੂੰ ਚੰਗੀ ਵਿੱਦਿਆ ਹਾਸਲ ਕਰਵਾਉਣ ਦੇ ਨਾਲ ਨਾਲ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਖੇਡਾਂ ਨਾਲ ਵੀ ਜੋੜਦਾ ਹੈ ਤੇ ਸਾਡੇ ਸਕੂਲ ਦੇ ਬੱਚੇ ਖੇਡਾਂ ਵਿੱਚ ਵੀ ਮੱਲਾਂ ਮਾਰ ਰਹੇ ਹਨ। ਸਕੂਲ ਦੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਵੱਲੋਂ ਬੱਚਿਆਂ ਦੇ ਮਾਪਿਆਂ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਸਾਡੀ ਸਮੂਹ ਮਨੇਜਮੈਂਟ ਅਤੇ ਸੰਸਥਾ ਦਾ ਬੱਚਿਆਂ ਨੂੰ ਉਹਨਾਂ ਦੇ ਪੈਰਾਂ ਸਿਰ ਖੜ੍ਹੇ ਕਰਨਾ ਮੁੱਢਲਾ ਫਰਜ਼ ਹੈ।

## ਸ਼੍ਰੀ ਗੁਰੂ ਰਾਮਦਾਸ ਸਕੂਲ ਦਾ ਅੱਠਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ, 6 ਅਪ੍ਰੈਲ**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਸ਼੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ,ਨਾਥ ਦੀ ਖੂਹੀ ( ਚੰਨਣਕੇ ) ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਸੌ ਫੀਸਦੀ ਰਿਹਾ। ਅੱਠਵੀਂ ਦੀ ਪ੍ਰੀਖਿਆ ਵਿੱਚ ਅਪੀਅਰ ਹੋਏ ਬੱਚਿਆਂ ਵਿਚੋਂ ਸਕੂਲ ਦੇ ਹੋਣਹਾਰ ਵਿਦਿਆਰਥੀ ਗੁਰਮੰਨਤ ਕੌਰ ( 93%), ਏਕਮਦੀਪ ਸਿੰਘ ਪੱਡਾ ( 91%) ਅਤੇ ਦਿਲਰੂਪ ਸਿੰਘ ( 90%) ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਉੱਪਰਲੀਆਂ ਪੁਜੀਸ਼ਨਾਂ ਤੇ ਰਹੇ। ਇਸ ਤੋਂ ਇਲਾਵਾ ਸੁਖਮਨਪ੍ਰੀਤ ਕੌਰ, ਸਿਮਰਨਪ੍ਰੀਤ ਕੌਰ, ਅਮਨਦੀਪ ਕੌਰ, ਪ੍ਰੀਤੀ ਕੁਮਾਰੀ, ਅਮਰਬੀਰ ਸਿੰਘ, ਨਿਰਵੈਲ ਸਿੰਘ, ਸਮਰਪ੍ਰੀਤ ਸਿੰਘ, ਜਸ਼ਨ ਪ੍ਰੀਤ ਸਿੰਘ, ਲਵਰੋਜ਼ ਸਿੰਘ ਵਿਦਿਆਰਥੀਆਂ ਨੇ 80% ਤੋਂ ਵੱਧ ਤੇ ਬਾਕੀ ਸਾਰੇ ਵਿਦਿਆਰਥੀਆਂ 73% ਤੋ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਕੂਲ ਦੇ ਡਾਇਰੈਕਟਰ ਸ: ਸ਼ਿਵਚਰਨ ਸਿੰਘ ਅਤੇ ਪ੍ਰਿੰਸੀਪਲ ਸ਼੍ਰੀਮਤੀ ਗੁਰਦੀਪ ਕੌਰ ਨੇ ਸਮੂਹ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।





## ਵਰ੍ਹੇਗੰਢ ਦੀਆਂ ਮੁਬਾਰਕਾਂ

ਪਰਮਜੀਤ ਸਿੰਘ ਰੰਧਾਵਾ, ਚੰਨਣਕੇ,ਅੰਮ੍ਰਿਤਪਾਲ ਕੌਰ ਰੰਧਾਵਾ ਨੇ ਆਪਣੇ ਵਿਆਹ ਦੀ ਤੀਜੀ ਐਨਵਰਸਰੀ ਮਨਾਈ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਨਵਾਂ ਕੋਟ ਦੇ ਰਹਿਣ ਵਾਲੇ ਭਾਈ ਮਨੋਜ ਸਿੰਘ ਨੇ ਆਪਣੀ ਕਿਰਤ ਕਮਾਈ ਵਿਚੋਂ

# 8ਵਾਂ ਗੁਰਮਤਿ ਸਮਾਗਮ ਕਰਵਾਇਆ ਗਿਆ



**ਜੰਡਿਆਲਾ ਗੁਰੂ 6 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਜੰਡਿਆਲਾ ਗੁਰੂ ਤੋਂ ਥੋੜੀ ਦੂਰੀ ਤੇ ਵੱਸੇ ਪਿੰਡ ਨਵਾਂ ਕੋਟ ਜ਼ਿਲ੍ਹਾ ਅੰਮ੍ਰਿਤਸਰ ਦੇ ਵਸਨੀਕ ਬਾਬਾ ਫ਼ਤਿਹ ਸਿੰਘ ਗੱਤਕਾ ਅਖਾੜਾ ਦੇ ਮੁੱਖ ਸੇਵਾਦਾਰ ਭਾਈ ਮਨੋਜ਼ ਸਿੰਘ ਵੱਲੋਂ ਆਪਣੀ ਕਿਰਤ ਕਮਾਈ ਵਿਚੋਂ 8 ਸਾਲਾਂ ਤੋਂ ਲਗਾਤਾਰ ਗੁਰਮਤਿ ਸਮਾਗਮ ਅਤੇ ਧਾਰਮਿਕ ਮੁਕਾਬਲੇ ਕਰਵਾਏ ਜਾਂਦੇ ਹਨ ਜਿਸ ਦੇ ਚੱਲਦਿਆਂ ਅੱਜ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 8ਵੇਂ ਗੱਤਕੇ ਕੱਪ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਖੁੱਲੇ ਪੰਡਾਲ ਵਿੱਚ ਛਤਰ ਛਾਇਆ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁਭਾਏ ਮਾਨ ਕੀਤਾ ਗਿਆ ਅਤੇ ਉਪਰੰਤ ਸੁਖਾਂ ਦੀ ਮਣੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਅਤੇ ਭੋਗ ਤੋਂ ਉਪਰੰਤ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ ਸਰਬ ਰੋਗ ਕਾ ਅਉਖਦੁ ਨਾਮੁ ਦੇ ਤਹਿਤ ਗੁਰਮਤਿ ਕੈਂਪ ਲਗਾਇਆ ਗਿਆ ਅਤੇ ਗੁਰਬਾਣੀ ਗਾਉਣੀ ਅਤੇ ਆਪਣੇ ਕੰਨਾਂ ਨਾਲ ਸੁਣ ਕੇ ਜੀਵਨ ਦੇ ਵਿੱਚ ਆ ਰਹੇ ਦੁਖਾਂ ਦਾ ਨਾਸ ਕਰਨਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਉਪਦੇਸ਼ ਨੂੰ ਆਪਣੇ ਮਨਿ ਰੂਪੀ ਭਾਂਡੇ ਵਿੱਚ ਸੰਭਾਲ ਕੇ ਰੱਖਣ ਲਈ ਪ੍ਰੇਰਿਤ ਕੀਤਾ ਅਤੇ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਬਲਰਾਜ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦਾ ਰਸਭਿੰਨਾ ਕੀਰਤਨ ਕਰਕੇ ਅਤੇ ਗੁਰਬਾਣੀ ਦੀਆਂ ਵਿਚਾਰਾਂ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸਮਾਪਤੀ ਮੌਕੇ ਗੁਰਦੁਆਰਾ ਸਿੰਘ ਸਭਾ ਦੇ ਹੈਡ ਗ੍ਰੰਥੀ ਭਾਈ ਬਲਜੀਤ ਸਿੰਘ ਜੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਬੇਨਤੀ ਕੀਤੀ ਗਈ ਅਤੇ ਹੁਕਮਨਾਮੇ ਤੋਂ ਉਪਰੰਤ ਸੰਗਤਾਂ ਨੂੰ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਾਈ ਗਈ ਅਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ ਇਸ ਮੌਕੇ ਭਾਈ ਮਨੋਜ਼ ਸਿੰਘ ਵੱਲੋਂ ਆਈਆਂ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

**ਸਰਬ ਰੋਗ ਕਾ ਅਉਖਦੁ ਨਾਮੁ ਦੇ ਤਹਿਤ ਬਾਬਾ ਬਿਬੇਕ ਸਿੰਘ ਵੱਲੋਂ ਦੂਖ ਨਿਵਾਰਨ ਕੈਂਪ ਲਗਾਇਆ ਗਿਆ**

### ਯੋਧਿਆਂ ਤੇ ਸ਼ਹੀਦਾਂ ਦੀ ਧਰਤੀ ਨੂੰ ਨਸ਼ਿਆਂ ਨਾਲ ਬਰਬਾਦ ਨਹੀਂ ਹੋਣ ਦਿੱਤਾ ਜਾਵੇਗਾ

# ਰਾਜਪਾਲ ਪੰਜਾਬ ਸਰਕਾਰ ਨਸ਼ਾ ਮੁਕਤ ਪੰਜਾਬ ਬਣਾਉਣ ਲਈ ਕਰ ਰਹੀ ਹੈ ਵਿਸ਼ੇਸ਼ ਯਤਨ

**ਜੰਡਿਆਲਾ ਗੁਰੂ, 6 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਯੁੱਧ ਨਸ਼ਿਆਂ ਵਿਰੁੱਧ ਦੇ ਸੰਕਲਪ ਨੂੰ ਲੈ ਕੇ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਪੈਦਲ ਮਾਰਚ ਕਰ ਰਹੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੰਮ੍ਰਿਤਸਰ ਜਿਲ੍ਹੇ ਵਿੱਚ ਲਗਾਤਾਰ ਦੂਸਰੇ ਦਿਨ ਪੈਦਲ ਮਾਰਚ ਦੀ ਅਗਵਾਈ ਕਰਦੇ ਹੋਏ ਪੰਜਾਬ ਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਨਸ਼ੇ ਦੇ ਵਿਰੁੱਧ ਜਹਾਦ ਖੜਾ ਕਰਨ ਲਈ ਉੱਠ ਪੈਣ ।ਉਹਨਾਂ ਕਿਹਾ ਕਿ ਪੰਜਾਬ ਜੋ ਆਪਣੀ ਦੇਸ਼ ਭਗਤੀ, ਸੂਰਬੀਰਾਂ, ਸ਼ਹੀਦਾਂ, ਯੋਧਿਆਂ ਦੀਆਂ ਲਾਸਾਨੀ ਕੁਰਬਾਨੀਆਂ ਕਰਕੇ ਜਾਣਿਆ ਜਾਂਦਾ ਹੈ, ਦੀ ਧਰਤੀ ਨੂੰ ਨਸ਼ਿਆਂ ਨਾਲ ਬਰਬਾਦ ਨਹੀਂ ਹੋਣ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਦੁਸ਼ਮਣ ਦੇਸ਼ ਤੋਂ ਨਸ਼ਾ ਤਸਕਰੀ ਜਾਰੀ ਹੈ ਪਰ ਇਸ ਨੂੰ ਫੜਨ ਲਈ ਸਾਡੀਆਂ ਫੋਰਸਾਂ ਵੀ ਦਿਨ ਰਾਤ ਕੰਮ ਕਰ ਰਹੀਆਂ ਹਨ। ਇਸ ਤੋਂ ਇਲਾਵਾ ਪਿੰਡਾਂ ਵਿੱਚ ਜ਼ਿਲਾ ਪ੍ਰਸ਼ਾਸਨ ਵੱਲੋਂ ਬਣਾਈਆਂ ਗਈਆਂ ਪਿੰਡ ਪੱਧਰ ਦੀਆਂ ਸੁਰੱਖਿਆ ਕਮੇਟੀਆਂ ਵੀ ਬਹੁਤ ਚੌਕਸੀ ਨਾਲ ਇਸ ਤਸਕਰੀ ਨੂੰ ਰੋਕਣ ਲਈ ਕੰਮ ਕਰ ਰਹੀਆਂ ਹਨ, ਜੋ ਕਿ ਵਧਾਈ ਦੀਆਂ ਪਾਤਰ ਹਨ। ਉਹਨਾਂ ਕਿਹਾ ਕਿ ਨਸ਼ਾ ਇਸ ਵੇਲੇ ਕੇਵਲ ਪੰਜਾਬ ਦੀ ਹੀ ਸਮੱਸਿਆ ਨਹੀਂ ਬਲਕਿ ਇਹ ਸਾਰੇ ਦੇਸ਼ ਨੂੰ ਆਪਣੇ ਗ੍ਰਿਫਤ ਵਿੱਚ ਲੈ ਰਿਹਾ ਹੈ। ਇਸੇ ਲਈ ਪੰਜਾਬ ਸਰਕਾਰ ਵੱਲੋਂ ਨਸ਼ਾ ਮੁਕਤ ਪੰਜਾਬ ਬਣਾਉਣ ਦੇ ਯਤਨ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਕਿਉਂਕਿ ਸਰਹੱਦੀ ਸੂਬਾ ਹੈ ਅਤੇ ਇਥੋਂ ਨਸ਼ੇ ਦੀ ਤਸਕਰੀ ਆਸਾਨੀ ਨਾਲ ਹੋ ਜਾਂਦੀ ਹੈ, ਇਸ ਲਈ ਦੁਸ਼ਮਣ ਇਸ ਦਾ ਮੌਕਾ ਉਠਾਉਂਦੇ ਹੋਏ ਸਪਲਾਈ ਕਰ ਰਹੇ ਹਨ, ਜਿਸ ਨੂੰ ਰੋਕਣ ਲਈ ਪਹਿਲਾਂ ਵੀ ਸਰਹੱਦ ਉੱਤੇ ਐਂਟੀ ਡਰੋਨ ਸਿਸਟਮ ਲਗਾਏ ਗਏ ਸਨ ਅਤੇ ਹੁਣ ਹੋਰ ਵਧਾਏ ਜਾ ਰਹੇ ਹਨ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੀ ਐਂਟੀ ਡਰੋਨ ਸਿਸਟਮ ਲਗਾਉਣ ਲਈ ਉਪਰਾਲੇ ਕਰ ਰਹੀ ਹੈ। ਉਹਨਾਂ ਸ਼ਹੀਦ ਭਗਤ ਸਿੰਘ ਗਰੁੱਪ ਆਫ ਕਾਲਜ ਫਤਿਹਗੜ੍ਹ ਚੂੜੀਆਂ ਰੋਡ ਵਿਖੇ ਸਮਾਗਮ ਨੂੰ ਸੰਬੋਧਨ ਕਰਦਿਆਂ ਬੱਚਿਆਂ ਅਤੇ ਮੋਹਤਬਰਾਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਆਲੇ ਦੁਆਲੇ ਨੂੰ ਨਸ਼ਾ ਮੁਕਤ ਕਰਨ ਲਈ ਯੋਗਦਾਨ ਪਾਉਣ। ਉਨਾ ਕਿਹਾ ਕਿ ਨਸ਼ਾ ਕੇਵਲ ਮੇਰੇ ਪੈਦਲ ਮਾਰਚ ਨਾਲ ਜਾਂ ਸਰਕਾਰ ਦੀਆਂ ਕੋਸ਼ਿਸ਼ਾਂ ਨਾਲ ਖਤਮ ਨਹੀਂ ਹੋ ਸਕਦਾ, ਇਸ ਨੂੰ ਖਤਮ ਕਰਨ ਲਈ ਜਨਤਾ ਦਾ ਸਾਥ ਹੋਣਾ ਬਹੁਤ ਜਰੂਰੀ ਹੈ। ਉਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿੰਡਾਂ ਵਿੱਚ ਖੇਡ ਸਟੇਡੀਅਮ ਬਣਾਉਣ ਦਾ ਬੀੜਾ ਚੁੱਕਿਆ ਗਿਆ ਹੈ ਅਤੇ ਜਿਸ ਵੀ ਪੰਚਾਇਤ ਨੂੰ ਖੇਡ ਮੈਦਾਨ ਬਣਾਉਣ ਲਈ ਕੋਈ ਸਹਾਇਤਾ ਚਾਹੀਦੀ ਹੈ ਤਾਂ ਉਹ ਡਿਪਟੀ ਕਮਿਸ਼ਨਰ ਦਫਤਰ ਨਾਲ ਰਾਬਤਾ ਕਰ ਸਕਦਾ ਹੈ ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਬੱਚਿਆਂ ਨੂੰ ਗੁਰੂ ਘਰਾਂ ਅਤੇ ਮੰਦਰਾਂ ਨਾਲ ਜੋੜਨਾ ਵੀ ਨਸ਼ਾ ਮੁਕਤੀ ਲਈ ਬਹੁਤ ਵੱਡਾ ਉਪਰਾਲਾ ਹੋ ਸਕਦਾ ਹੈ। ਉਹਨਾਂ ਆਪਣੇ ਸਮੇਂ ਦੀਆਂ ਉਦਾਹਰਨਾਂ ਦਿੰਦੇ ਕਿਹਾ ਕਿ ਸਾਡੇ ਵੇਲੇ ਸਾਰੇ ਬੱਚੇ ਆਪਣੇ ਧਾਰਮਿਕ ਅਕੀਦੇ ਅਨੁਸਾਰ ਗੁਰਦੁਆਰਿਆਂ, ਮੰਦਰਾਂ, ਮਸਜਿਦਾਂ ਵਿੱਚ ਜਾਂਦੇ ਸਨ। ਜਿੱਥੋਂ ਉਹਨਾਂ ਦੀ ਧਾਰਮਿਕ ਤ੍ਰਿਪਤੀ ਤਾਂ ਹੁੰਦੀ ਹੀ ਸੀ ਨਾਲ ਸਮਾਜਿਕ ਬੁਰਾਈਆਂ ਤੋਂ ਬਚਣ ਦੀ ਪ੍ਰੇਰਨਾ ਵੀ ਮਿਲਦੀ ਸੀ ਜੋ ਕਿ ਸਾਰੀ ਜ਼ਿੰਦਗੀ ਉਹਨਾਂ ਦੇ ਕੰਮ ਆਉਂਦੀ ਸੀ ਪਰ ਹੁਣ ਬੱਚੇ ਮੋਬਾਈਲਾਂ ਤੱਕ ਸੀਮਤ ਹੋ ਕੇ ਰਹਿ ਗਏ ਹਨ। ਮਾਪੇ ਵੀ ਉਹਨਾਂ ਨੂੰ ਧਾਰਮਿਕ ਸਥਾਨਾਂ ਨਾਲ ਜੋੜਨ ਦੀ ਕੋਸ਼ਿਸ਼ ਨਹੀਂ ਕਰਦੇ, ਇਸ ਤੋਂ ਇਲਾਵਾ ਬੱਚਿਆਂ ਨੂੰ ਖੇਡ ਮੈਦਾਨਾਂ ਤੱਕ ਵੀ ਭੇਜਣ ਦੀ ਹਿੰਮਤ ਬੱਚਿਆਂ ਦੇ ਮਾਪੇ ਨਹੀਂ ਕਰਦੇ, ਜੋ ਕਿ ਕਰਨੀ ਬਹੁਤ ਜਰੂਰੀ ਹੈ ।ਉਹਨਾਂ ਕਿਹਾ ਕਿ ਇੱਕ ਚੰਗਾ ਖਿਡਾਰੀ ਕੇਵਲ ਆਪਣੇ ਸਰੀਰ ਦੀ ਸਾਂਭ ਸੰਭਾਲ ਲਈ ਹੀ ਚੌਕਸ ਨਹੀਂ ਹੁੰਦਾ, ਬਲਕਿ ਉਹ ਹਾਰ ਜਿੱਤ ਨੂੰ ਬਰਦਾਸ਼ਤ ਕਰਨ, ਭਾਈਚਾਰਕ ਸਾਂਝ, ਅਨੁਸ਼ਾਸਨ ਵਰਗੇ ਵੱਡੇ ਗੁਣ ਵੀ ਸਿੱਖਦਾ ਹੈ। ਕਈ ਵਾਰ ਬੱਚਿਆਂ ਦੀ ਇਹ ਪਰਵਾਜ ਅੰਤਰਰਾਸ਼ਟਰੀ ਖੇਡ ਮੈਦਾਨਾਂ ਤੱਕ ਵੀ ਪਹੁੰਚ ਜਾਂਦੀ ਹੈ ਜੋ ਕਿ ਉਸ ਪਰਿਵਾਰ ਦਾ ਹੀ ਨਹੀਂ ਬਲਕਿ ਦੇਸ਼ ਦਾ ਨਾਮ ਰੋਸ਼ਨ ਕਰ ਜਾਂਦੇ ਹਨ। ਉਹਨਾਂ ਕਿਹਾ ਕਿ ਆਓ ਆਪਣੇ ਬੱਚਿਆਂ ਨੂੰ ਮੁੜ ਗੁਰਦੁਆਰਿਆਂ, ਮਸਜਿਦਾਂ, ਮੰਦਰਾਂ ਅਤੇ ਖੇਡ ਮੈਦਾਨਾਂ ਨਾਲ ਜੋੜੀਏ। ਇਸ ਮੌਕੇ ਵੱਡੀ ਗਿਣਤੀ ਵਿੱਚ ਬੱਚਿਆਂ ਨੇ ਪੈਦਲ ਮਾਰਚ ਵਿੱਚ ਹਿੱਸਾ ਲਿਆ। ਆਕਸਫੋਰਡ ਸਕੂਲ ਤੋਂ ਚੱਲ ਕੇ ਇਹ ਯਾਤਰਾ ਸ਼ਹੀਦ ਭਗਤ ਸਿੰਘ ਗਰੁੱਪ ਆਫ ਕਾਲਜ ਵਿੱਚ ਆ ਕੇ ਸਮਾਪਤ ਹੋਈ। ਇਸ ਮੌਕੇ ਰਾਜਪਾਲ ਪੰਜਾਬ ਦੇ ਪ੍ਰਿੰਸੀਪਲ ਸੈਕਟਰੀ ਸ੍ਰੀ ਵਿਵੇਕ ਪ੍ਰਤਾਪ ਸਿੰਘ, ਅੰਤਰਰਾਸ਼ਟਰੀ ਅਥਲੀਟ ਬਹਾਦਰ ਸਿੰਘ, ਅੰਤਰਰਾਸ਼ਟਰੀ ਹਾਕੀ ਖਿਡਾਰੀ ਬਲਜੀਤ ਸਿੰਘ, ਰੋਇੰਗ ਖਿਡਾਰੀ ਚੰਦਨਦੀਪ ਸਿੰਘ, ਡੀਆਈਜੀ ਸ੍ਰੀ ਸਤਿੰਦਰ ਸਿੰਘ, ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ, ਜਿਲਾ ਪੁਲਿਸ ਮੁਖੀ ਸ ਮਨਿੰਦਰ ਸਿੰਘ, ਰੈਡ ਕ੍ਰਾਸ ਦੇ ਸਟੇਟ ਸੈਕਟਰੀ ਸ੍ਰੀ ਸ਼ਿਵਦਲਾਰ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਸਰੀਨ ਐਸਡੀਐਮ ਰਵਿੰਦਰ ਸਿੰਘ ਅਰੋੜਾ, ਸਹਾਇਕ ਕਮਿਸ਼ਨਰ ਗੁਰ ਸਿਮਰਨ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਧਿਕਾਰੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

**ਅੰਮ੍ਰਿਤਸਰ ਵਿੱਚ ਨਸ਼ਾ ਵਿਰੋਧੀ ਮੁਹਿੰਮ ਤਹਿਤ ਪੈਦਲ ਮਾਰਚ ਦਾ ਦੂਜਾ ਦਿਨ**

## ਗੁਰਬਾਣੀ ਰਿਸਰਚ ਫਾਊਂਡੇਸ਼ਨ ਵੱਲੋਂ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਵਾਸਤੇ "ਗੁਰਬਾਣੀ ਕੰਠ ਚੇਤਨਾ ਲਹਿਰ" ਪ੍ਰੋਗਰਾਮ ਦੀ ਸ਼ੁਰੂਆਤ ਹੋਈ

### 4 ਮਈ ਨੂੰ ਦਿੱਲੀ ਹਾਟ ਦੇ ਐਕਸਪੋਜੀਸ਼ਨ ਹਾਲ ਵਿਖੇ ਜੇਤੂ ਬੱਚਿਆਂ ਨੂੰ ਸਨਮਾਨਿਤ ਕੀਤਾ ਜਾਵੇਗਾ



**ਨਵੀਂ ਦਿੱਲੀ, 6 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਧਾਰਮਿਕ ਸੰਸਥਾ 'ਗੁਰਬਾਣੀ ਰਿਸਰਚ ਫਾਊਂਡੇਸ਼ਨ ਵੱਲੋਂ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਵਾਸਤੇ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਦੀ ਸ਼ੁਰੂਆਤ ਅਜ ਗੁਰਦੁਆਰਾ ਸਿੰਘ ਸਭਾ ਅਸ਼ੋਕ ਨਗਰ ਵਿਖੇ ਹੋਈ ਹੈ । ਅਜ ਕੀਤੀ ਗਈ ਸ਼ੁਰੂਆਤ ਵਿਚ ਬੱਚਿਆਂ ਨੇ ਵੱਡਾ ਉਤਸ਼ਾਹ ਦਿਖਾਂਦਿਆਂ ਵੱਖ ਵੱਖ ਪੜਾਵਾਂ ਅੰਦਰ ਗੁਰਬਾਣੀ ਦੇ ਪਾਠ ਕੰਠ ਸੁਣਾ ਕੇ ਉਨ੍ਹਾਂ ਨੂੰ ਮਿਲਣ ਵਾਲੇ ਇਨਾਮਾਂ ਲਈ ਟੋਕਨ ਦੀ ਪ੍ਰਾਪਤੀ ਕੀਤੀ । ਗੁਰਬਾਣੀ ਰਿਸਰਚ ਫਾਊਂਡੇਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ ਵੀਰਜੀ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਦੀ ਕਵਾਇਦ ਤਹਿਤ 'ਗੁਰਬਾਣੀ ਕੰਠ ਚੇਤਨਾ ਲਹਿਰ' ਪ੍ਰੋਗਰਾਮ ਕਰਾਇਆ ਜਾ ਰਿਹਾ ਹੈ। ਇਸ ਗੁਰਬਾਣੀ ਕੰਠ ਚੇਤਨਾ ਲਹਿਰ ਪ੍ਰੋਗਰਾਮ ਵਿਚ 4 ਤੋਂ 18 ਸਾਲ ਦੇ ਬੱਚੇ ਹਿੱਸਾ ਲੈ ਸਕਣਗੇ ਜੋ ਵੱਖ ਵੱਖ ਗਰੁੱਪਾਂ ਲਈ ਤੈਅ ਕੀਤੀਆਂ ਬਾਣੀਆ ਕੰਠ ਕਰਕੇ ਸੁਣਾਉਣਗੇ। ਇਨਾਮਾਂ ਦਾ ਜ਼ਿਕਰ ਕਰਦਿਆਂ ਪਰਮਜੀਤ ਸਿੰਘ ਵੀਰਜੀ ਨੇ ਦੱਸਿਆ ਕਿ ਪਹਿਲਾ ਇਨਾਮ ਗੇਅਰ ਵਾਲੀ ਸਾਈਕਲ (5 ਇਨਾਮ), ਦੂਜਾ ਇਨਾਮ ਆਈ ਪੈਡ (7 ਇਨਾਮ), ਤੀਜਾ ਇਨਾਮ ਮੋਬਾਇਲ ਫੋਨ (10 ਇਨਾਮ), 5 ਵਾਂ ਇਨਾਮ ਸਮਾਰਟ ਰਿਸਟ ਵਾਚ (15 ਇਨਾਮ) ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਬੱਚਿਆਂ ਲਈ ਤਿੰਨ ਗਰੁੱਪ ਬਣਾਏ ਗਏ ਹਨ ਅਤੇ ਤਿੰਨਾਂ ਗਰੁੱਪਾਂ ਵਾਸਤੇ ਵੱਖ ਵੱਖ ਬਾਣੀਆ ਕੰਠ ਕਰਨਾ ਨਿਰਧਾਰਿਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਵਿਚ ਹਿੱਸਾ ਲੈਣ ਲਈ 26 ਅਪ੍ਰੈਲ ਤੱਕ ਰਜਿਸਟ੍ਰੇਸ਼ਨ ਕਰਾਉਣੀ ਜ਼ਰੂਰੀ ਹੈ ।ਉਨ੍ਹਾਂ ਦਸਿਆ ਕਿ ਅਗਲੇ ਪੜਾਅ ਜੋ ਕਿ ਮਿੱਤੀ 20 ਅਪ੍ਰੈਲ ਅਤੇ 27 ਅਪ੍ਰੈਲ ਨੂੰ ਹੋਣੇ ਹਨ ਉਨ੍ਹਾਂ ਵਿਚ ਵੀ ਇਸ ਪ੍ਰੋਗਰਾਮ ਅੰਦਰ ਹਿੱਸਾ ਲੈਣ ਵਾਲਿਆਂ ਕੋਲੋਂ ਗੁਰਬਾਣੀ ਨੂੰ ਕੰਠ ਸੁਣਿਆ ਜਾਏਗਾ ਉਪਰੰਤ 4 ਮਈ ਨੂੰ ਦਿੱਲੀ ਹਾਟ ਦੇ ਐਕਸਪੋਜੀਸ਼ਨ ਹਾਲ ਵਿਖੇ ਇੱਕ ਵੱਡਾ ਪ੍ਰੋਗਰਾਮ ਕਰਵਾ ਕੇ ਜੇਤੂ ਬੱਚਿਆਂ ਨੂੰ ਸਨਮਾਨਿਤ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਅਖੰਡ ਕੀਰਤਨੀ ਜੱਥਾ (ਦਿੱਲੀ) ਵਲੋਂ ਭਾਈ ਮਹਿਲ ਸਿੰਘ ਬੱਬਰ ਨੂੰ ਸਮਰਪਿਤ ਵਿਸ਼ੇਸ਼ ਸ਼ਰਧਾਂਜਲੀ ਸਮਾਗਮ



**ਨਵੀਂ ਦਿੱਲੀ 6 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਅਖੰਡ ਕੀਰਤਨੀ ਜੱਥਾ (ਦਿੱਲੀ) ਵਲੋਂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਇਤਿਹਾਸਿਕ ਅਸਥਾਨ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਅਖੰਡ ਕੀਰਤਨੀ ਜੱਥੇ ਦੇ ਨਾਮਵਰ ਸਿੰਘ ਭਾਈ ਮਹਿਲ ਸਿੰਘ ਬੱਬਰ ਜੋ ਕਿ ਬੀਤੀ 24 ਮਾਰਚ ਨੂੰ ਨਾਨਕਾਣਾ ਸਾਹਿਬ ਦੀ ਪਵਿੱਤਰ ਧਰਤੀ ਤੇ ਅਕਾਲ ਚਲਾਣਾ ਕਰ ਗਏ ਸਨ, ਉਹਨਾਂ ਦੀ ਯਾਦ ਨੂੰ ਸਮਰਪਿਤ ਵਿਸ਼ੇਸ਼ ਸ਼ਰਧਾਂਜਲੀ ਸਮਾਗਮ ਕਰਵਾਏ ਗਏ। ਦਿੱਲੀ ਜੱਥੇ ਦੇ ਮੁੱਖ ਸੇਵਾਦਾਰ ਭਾਈ ਅਰਵਿੰਦਰ ਸਿੰਘ ਰਾਜਾ ਨੇ ਸਿੱਖ ਕੌਮ ਦੀ ਅਜ਼ਾਦੀ ਲਹਿਰ ਦੇ ਥੰਮ ਭਾਈ ਮਹਿਲ ਸਿੰਘ ਜੀ ਦੀਆਂ ਲੱਗਭਗ ਅੱਧੀ ਸਦੀ ਤੱਕ ਦੀਆਂ ਸੇਵਾਵਾਂ ਪ੍ਰਤੀ ਗੱਲਬਾਤ ਕਰਦਿਆਂ ਉਹਨਾਂ ਦੇ ਗੁਰਸਿੱਖੀ ਜੀਵਨ, ਸ਼ਾਂਤ ਸੁਭਾਅ ਤੇ ਹਮੇਸ਼ਾਂ ਕੌਮ ਦੀ ਚੜ੍ਹਦੀ ਕਲਾ ਬਾਰੇ ਸੋਚਣ ਦੇ ਕਰਮਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਦਸਿਆ ਕਿ ਭਾਈ ਸਾਹਿਬ ਜੀ ਦੇ ਛੋਟੇ ਭਰਾਤਾ ਮਹਾਨ ਸ਼ਹੀਦ ਜਥੇਦਾਰ ਸੁਖਦੇਵ ਸਿੰਘ ਜੀ ਬੱਬਰ ਖਾਲਸਾ ਦੇ ਮੁੱਖ ਸੇਵਾਦਾਰ ਸਨ ਜਿੰਨਾਂ ਨੇ 1978 ਤੋਂ ਲੈ ਕੇ 1992 ਤੱਕ ਰੂਪੋਸ਼ ਹੋ ਕੇ ਕੌਮੀ ਅਜ਼ਾਦੀ ਦਾ ਸੰਘਰਸ਼ ਵਿੱਚ ਜੂਝਦਿਆਂ ਹੋਇਆਂ ਸ਼ਹਾਦਤ ਦਾ ਜਾਮ ਪੀਤਾ। ਉਹਨਾਂ ਕਿਹਾ ਕਿ ਭਾਈ ਸਾਹਿਬ ਦਾ ਜਾਣਾ ਕੌਮ ਲਈ ਇੱਕ ਨਾਂ ਪੂਰਾ ਹੋਣ ਵਾਲਾ ਘਾਟਾ ਹੈ। ਕੌਮ ਕੋਲੋਂ ਇੱਕ ਸੂਝਵਾਨ ਆਗੂ ਖੁੱਸ ਗਿਆ ਹੈ। ਉਨ੍ਹਾਂ ਕਿਹਾ ਕਿ ਭਾਈ ਸਾਹਿਬ ਨੇ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪਾਏ ਪੂਰਨੇ "ਪੰਥ ਵੱਸੇ ਮੈਂ ਉੱਜੜਾਂ" ਤੇ ਚਲਦੇ ਹੋਏ ਦਹਾਕਿਆਂ ਬੱਧੀ ਪੰਥ ਦੀ ਸੇਵਾ ਤੇ ਰਾਜ ਪ੍ਰਾਪਤੀ ਲਈ ਪਰਿਵਾਰਕ ਸੁੱਖ ਨੂੰ ਤਿਆਗ ਕੇ ਜਲਾਵਤਨੀ ਆਪਣੇ ਪਿੰਡੇ ਤੇ ਹੰਢਾਦੇ ਹੋਏ ਪੰਥ ਦੀ ਸੇਵਾ ਵਿਚ ਵੱਡਾ ਯੋਗਦਾਨ ਪਾਇਆ ਹੈ । ਸੱਚੇ ਪਾਤਸ਼ਾਹ ਉਹਨਾਂ ਦੀ ਕੀਤੀ ਅਣਥੱਕ ਘਾਲ ਕਮਾਈ ਨੂੰ ਥਾਏ ਪਾਏ ਅਤੇ ਵਿਛੜੀ ਆਤਮਾ ਨੂੰ ਸਦੀਵ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ। ਉਹਨਾਂ ਦੇ ਪਰਿਵਾਰ ਨੇ ਵੀ ਉਹਨਾਂ ਦੀ ਇਸ ਯਾਤਰਾ ਵਿੱਚ ਪੂਰਾ ਸਹਿਯੋਗ ਦਿੱਤਾ ਹੈ । ਸੱਚੇ ਪਾਤਸ਼ਾਹ ਉਨ੍ਹਾਂ ਦੇ ਪਰਿਵਾਰ ਨੂੰ ਭਾਣਾ ਮੰਨਣ ਅਤੇ ਚੜ੍ਹਦੀ ਕਲਾ ਵਿੱਚ ਰਹਿਣ ਦੀ ਦਾਤ ਬਖਸ਼ੇ। ਉਨ੍ਹਾਂ ਕਿਹਾ ਕਿ ਇਹਨਾਂ ਕੌਮੀ ਯੋਧਿਆਂ ਨੂੰ ਸਾਡੀ ਸ਼ਰਧਾਂਜਲੀ ਇਹ ਹੈ ਕਿ ਉਹਨਾਂ ਦੇ ਰਹਿੰਦੇ ਕਾਰਜ ਵਿੱਚ ਅਸੀਂ ਵੀ ਵੱਧ ਚੜ੍ਹ ਕੇ ਆਪਣਾ ਯੋਗਦਾਨ ਪਾਈਏ।

ਆਵਾਜ਼ਿ ਕੌਮ AWAZE QAUM International Newspaper & WEB TV

ਖਾਲਸਾ ਸਾਜਨਾ ਦਿਵਸ ਵਿਸਾਖੀ ਦੀਆਂ ਖੁਸ਼ੀਆਂ ਨੂੰ ਸਮਰਪਿਤ ਪਿੰਡ ਮੜੌਲੀ ਕਲਾਂ ਵਿਖੇ

# 'ਧਾਰਮਿਕ ਦੀਵਾਨ' ਸਜਾਇਆ ਗਿਆ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਭਰੀਆਂ ਹਾਜ਼ਰੀਆਂ













ਆਵਾਜ਼ਿ ਕੌਮ AWAZE QAUM International Newspaper & WEB TV

ਖਾਲਸਾ ਸਾਜਨਾ ਦਿਵਸ ਵਿਸਾਖੀ ਦੀਆਂ ਖੁਸ਼ੀਆਂ ਨੂੰ ਸਮਰਪਿਤ ਪਿੰਡ ਮੜੌਲੀ ਕਲਾਂ ਨੇੜੇ ਮਰਿੰਡਾ ਜਿਲਾ ਰੋਪੜ ਵਿਖੇ "ਧਾਰਮਿਕ ਦੀਵਾਨ" ਸਜਾਉਂਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਹਾਜ਼ਰ ਸਿੱਖ ਸੰਗਤਾਂ ਸਨਮਾਨਿਤ ਕਰਦੇ ਹੋਏ ਸਾਧਸੰਗਤ ਅਤੇ ਪ੍ਰਬੰਧਕ ਬਾਬਾ ਸੁਰਿੰਦਰਪਾਲ ਸਿੰਘ ਸੋਢੀ,ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ,ਬਾਬਾ ਗੁਰਪ੍ਰੀਤ ਸਿੰਘ ਹੰਸਾਲੀ ਵਾਲੇ,ਬਾਬਾ ਗੁਰਮੀਤ ਸਿੰਘ ਭਾਮੀਆ,ਬਾਬਾ ਸਤਨਾਮ ਸਿੰਘ 34 ਸਿੰਘ ਸ਼ਹੀਦਾਂ,ਬਾਬਾ ਕੁਲਵਿੰਦਰ ਸਿੰਘ ਧੂਰੀ ਵਾਲੇ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਈਡੀਅਲ ਕੌਨਵੈਂਟ ਸਕੂਲ ਹਠੂਰ ਦਾ ਨਤੀਜਾ100 ਫ਼ੀਸਦੀ ਰਿਹਾ : ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ

# ਨਵੇਂ ਸੈਸ਼ਨ ਦੀ ਸ਼ੁਰੂਆਤ ਸੁਖਮਨੀ ਸਾਹਿਬ ਦੇ ਪਾਠ ਅਤੇ ਬੂਟੇ ਲਗਾ ਕੇ ਕੀਤੀ









ਹਠੂਰ/ਜਗਰਾਉਂ -(ਵਰਿਆਮ ਹਠੂਰ) ਚਰਚਿਤ ਵਿੱਦਿਅਕ ਸੰਸਥਾ ਆਈਡੀਅਲ ਕੌਨਵੈਂਟ ਸਕੂਲ ਹਠੂਰ ਦਾ ਨਤੀਜਾ ਸੌ ਫ਼ੀਸਦੀ ਰਿਹਾ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਈਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਕਿਹਾ ਕਿ ਸਭ ਸਮੂਹ ਸਕੂਲ ਦੇ ਮਿਹਨਤੀ ਅਤੇ ਤਜਰਬੇਕਾਰ ਸਟਾਫ਼ ਦਾ ਨਤੀਜਾ ਹੈ। ਜ਼ੋ ਦਿਲਚਸਪੀ ਨਾਲ ਬੱਚਿਆਂ ਨੂੰ ਚੰਗੀ ਵਿੱਦਿਆ ਦੇਣ ਦੇ ਨਾਲ ਨਾਲ ਬੱਚਿਆਂ ਵਿੱਚ ਅੱਛੇ ਸੰਸਕਾਰ ਪੈਦਾ ਕਰਦਾ ਹੈ। ਇਸ ਦੇ ਨਾਲ ਹੀ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ ਸਮੂਹ ਸਕੂਲ ਸਟਾਫ਼ ਅਤੇ ਸਕੂਲ ਦੇ ਬੱਚਿਆਂ ਵੱਲੋਂ ਸ਼੍ਰੀ ਸੁਖਮਨੀ ਸਾਹਿਬ ਦੇ ਪਾਠਾਂ ਅਤੇ ਬੂਟੇ ਲਗਾ ਕੇ ਕੀਤੀ ਗਈ, ਬੜੇ ਹੀ ਸਤਿਕਾਰ ਸਹਿਤ ਸਕੂਲ ਸਟਾਫ਼ ਅਤੇ ਬੱਚਿਆਂ ਵੱਲੋਂ ਸ਼੍ਰੀ ਸੁਖਮਨੀ ਸਾਹਿਬ ਦੇ ਜਾਪ ਕੀਤੇ ਗਏ ਤੇ ਬੱਚਿਆਂ ਦੀ ਪੜ੍ਹਾਈ ਅਤੇ ਚੰਗੇ ਭਵਿੱਖ ਲਈ ਅਰਦਾਸ ਬੇਨਤੀ ਕੀਤੀ ਗਈ, ਮਿਹਨਤ ਕਰਕੇ ਅੱਗੇ ਆਉਣ ਵਾਲੇ ਬੱਚਿਆਂ ਦਾ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਈਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਮੂੰਹ ਮਿੱਠਾ ਕਰਵਾਇਆ ਤੇ ਬੱਚਿਆਂ ਦਾ ਹੌਂਸਲਾ ਅਫਜ਼ਾਈ ਕੀਤਾ, ਤੇ ਖ਼ੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ ਸਕੂਲ ਵਿੱਚ ਸ਼੍ਰੀ ਸੁਖਮਨੀ ਸਾਹਿਬ ਦੇ ਪਾਠਾਂ ਅਤੇ ਬੂਟੇ ਲਗਾਏ ਕੀਤੀ ਗਈ ਹੈ। ਤੇ ਬੱਚਿਆਂ ਦੀ ਪੜ੍ਹਾਈ ਅਤੇ ਤੰਦਰੁਸਤੀ ਅਤੇ ਚੰਗੇ ਭਵਿੱਖ ਦੀ ਅਰਦਾਸ ਕਰਦੇ ਹਾਂ, ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਈਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਅੱਗੇ ਕਿਹਾ ਕਿ ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿੱਚ ਬੱਚਿਆਂ ਨੂੰ ਚੰਗੀ ਵਿੱਦਿਆ ਦੇਣ ਦੇ ਨਾਲ ਨਾਲ ਖੇਡਾਂ ਨਾਲ ਵੀ ਜੋੜਿਆ ਜਾਂਦਾ ਹੈ। ਤੇ ਸਮੇਂ ਸਮੇਂ ਤੇ ਬੱਚਿਆਂ ਧਾਰਮਿਕ, ਸਭਿਆਚਾਰਕ, ਅਤੇ ਹੋਰ ਵੱਖ ਵੱਖ ਐਕਟੀਵਿਟੀ ਕਰਵਾਈ ਜਾਂਦੀ ਹੈ। ਸਕੂਲ ਦੇ ਬੱਚੇ ਕੀਰਤਨ ਕਰਦੇ ਹਨ। ਕਵੀਸ਼ਰੀ ਗਾਉਂਦੇ ਹਨ। ਤੇ ਸਕੂਲ ਵੱਲੋਂ ਸਲਾਨਾ ਖੇਡ ਮੁਕਾਬਲੇ ਵੀ ਕਰਵਾਏ ਜਾਂਦੇ ਹਨ। ਵਿੱਦਿਆ ਦੇ ਖੇਤਰ ਵਿੱਚ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਅਤੇ ਖੇਡਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀ ਅਤੇ ਵਿਦਿਆਰਥਣਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ। ਤੇ ਸਮੇਂ ਸਮੇਂ ਤੇ ਬੱਚਿਆਂ ਦੇ ਧਾਰਮਿਕ ਅਤੇ ਮਨੋਰੰਜਨ ਟੂਰ ਵੀ ਲਗਵਾਏ ਜਾਂਦੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਕਿ ਜ਼ੋ ਬੱਚੇ ਸਕੂਲ ਵਿੱਚ ਦਾਖਲ ਕਰਵਾਉਣ ਯੋਗ ਹੋ ਗਏ ਹਨ। ਤੇ ਮਾਪੇ ਬੱਚਿਆਂ ਲਈ ਸਕੂਲ ਦੀ ਚੋਣ ਕਰ ਰਹੇ ਹਨ ਉਨ੍ਹਾਂ ਮਾਪਿਆਂ ਨੂੰ ਬੇਨਤੀ ਹੈ ਕਿ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਇੱਕ ਵਾਰ ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿੱਚ ਆ ਕੇ ਸਟਾਫ਼ ਨਾਲ ਮਿਲਣੀ ਕਰੋ ਤੇ ਸਕੂਲ ਬਾਰੇ ਵਿਸਥਾਰ ਪੂਰਵਕ ਜਾਣੋ ਤੁਹਾਡੇ ਬੱਚਿਆਂ ਨੂੰ ਚੰਗੀ ਵਿੱਦਿਆ ਅਤੇ ਅੱਛੇ ਸੰਸਕਾਰ ਦੇਣਾ ਸਾਡੇ ਸਕੂਲ ਦੇ ਮਿਹਨਤੀ ਅਤੇ ਤਜਰਬੇਕਾਰ ਸਟਾਫ਼ ਦਾ ਕੰਮ ਹੋਵੇਗਾ। ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਅਤੇ ਬੱਚੇ ਹਾਜ਼ਰ ਸਨ।

ਗੁਣਤਾਜ ਪ੍ਰੈਸ ਕਲੱਬ ਵੱਲੋਂ ਜੋਗੀਨਾਥਾਂ ਦੇ ਬੱਚਿਆਂ ਦਾ ਕੀਤਾ ਗਿਆ ਸਨਮਾਨ

# ਸਮਾਜ ਸੇਵੀ ਭਾਨ ਸਿੰਘ ਜੱਸੀ ਦੀ ਅਗਵਾਈ ਵਿੱਚ ਪੜ੍ਹ ਰਹੇ ਹਨ ਇਹ ਗਰੀਬ ਬੱਚੇ



**ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ )** : ਗੁਣਤਾਜ ਪ੍ਰੈੱਸ ਕਲੱਬ ਮਹਿਲ ਕਲਾਂ ਵੱਲੋਂ ਸਥਾਨਕ ਸਗਨ ਪੈਲਸ ਵਿਖੇ ਕਲੱਬ ਦੇ ਪ੍ਰਧਾਨ ਸੀਨੀ: ਪੱਤਰਕਾਰ ਨਿਰਮਲ ਸਿੰਘ ਪੰਡੋਰੀ ਦੀ ਅਗਵਾਈ ਵਿੱਚ ਨਸਿਆਂ ਵਿਰੁੱਧ ਪ੍ਰਭਾਵਸ਼ਾਲੀ ਸੈਮੀਨਾਰ ਅਤੇ ਸਨਮਾਨ ਸਮਰੋਹ ਕਰਵਾਇਆ ਗਿਆ, ਇਸ ਮੌਕੇ ਬੋਲਦਿਆਂ ਐਡਵੋਕੇਟ ਰਾਜਦੇਵ ਸਿੰਘ ਖ਼ਾਲਸਾ , ਪ੍ਰਧਾਨ ਗੁਰਨਾਮ ਸਿੰਘ ਸਿੰਘ ਸਟੂਡੀਓ . ਐਸਡੀਐਮ ਹਰਕਵਲਜੀਤ ਸਿੰਘ ਸਿੰਘ , ਡੀਐਸਪੀ ਸੁਬੇਗ ਸਿੰਘ , ਚੇਅਰਮੈਨ ਅਜੀਤ ਸਿੰਘ ਸੰਧੂ , ਪੱਤਰਕਾਰ ਜਗਸੀਰ ਸਿੰਘ ਸੰਧੂ , ਕਿਸਾਨ ਆਗੂ ਜਗਸੀਰ ਸਿੰਘ ਸੀਰਾ ਸੀਨੀਵਾਲ , ਸਰਪੰਚ ਨਾਥ ਸਿੰਘ ਹਮੀਦੀ , ਸਮਾਜ ਸੇਵੀ ਭਾਨ ਸਿੰਘ ਜੱਸੀ , ਬਲਵੰਤ ਸ਼ਰਮਾ ਹਮੀਦੀ , ਪ੍ਰਧਾਨ ਸੰਮੀ ਠੂਲੀਵਾਲ , ਸਰਪੰਚ ਰਣਜੀਤ ਸਿੰਘ ਧਾਲੀਵਾਲ , ਮਜ਼ਦੂਰ ਆਗੂ ਭੋਲਾ ਸਿੰਘ ਕਲਾਲ ਮਾਜਰਾ , ਐਸ . ਐਚ .ਓ ਜਗਜੀਤ ਸਿੰਘ , ਸਮਾਜ ਸੇਵੀ ਬਿੰਦਾ ਖੇੜੀ ,ਜਗਜੀਤ ਸਿੰਘ ਰਾਏ , ਸੰਪਾਦਕ ਬੱਬੀ ਰਾਏਸਰ ਆਦਿ ਸ਼ਖ਼ਸੀਅਤਾਂ ਨੇ ਆਪਣੇ ਵਿਚਾਰਾਂ ਰਾਹੀਂ ਪੂਰੇ ਪੰਜਾਬ ਵਿੱਚ ਸਾਂਝੇ ਤੌਰ ਤੇ ਨਸਿਆਂ ਵਿਰੁੱਧ ਵੱਡੀ ਮਹਿਮ ਚਲਾਉਣ ਦਾ ਸੱਦਾ ਦਿੱਤਾ, ਇਸ ਮੌਕੇ ਗੁਣਤਾਜ ਪ੍ਰੈੱਸ ਕਲੱਬ ਦੀ ਪ੍ਰਬੰਧਗੀ ਟੀਮ ਵੱਲੋਂ , ਨਾਟਕ ਕਲਾਕਾਰਾਂ , ਗਾਇਕਾਂ , ਸਮਾਜ ਸੇਵੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮਾਗਮ ਨੂੰ ਕਾਮਯਾਬ ਕਰਨ ਵਿੱਚ ਨਿਰਮਲ ਸਿੰਘ ਪੰਡੋਰੀ ਤੋਂ ਇਲਾਵਾ ਡਾਕਟਰ ਮਿੱਠੂ ਮੁਹੰਮਦ ,ਪ੍ਰੇਮ ਕੁਮਾਰ ਪਾਸੀ , ਅਜੇ ਟੱਲੇਵਾਲ ,ਡਾ: ਜਗਜੀਤ ਸਿੰਘ , ਡਾ: ਸੁਖਵਿੰਦਰ ਸਿੰਘ, ਭੁਪਿੰਦਰ ਸਿੰਘ , ਜਸਵੰਤ ਸਿੰਘ ਲਾਲੀ ਨੇ ਅਹਿਮ ਯੋਗਦਾਨ ਪਾਇਆ । ਸਟੇਜ ਦੀ ਕਾਰਵਾਈ ਲਕਸਦੀਪ ਗਿੱਲ ਨੇ ਬੜੀ ਹੀ ਬਖ਼ੂਬੀ ਨਿਭਾਈ।

# ਪੰਜਾਬ ਵਿੱਚ ਭਗਵੰਤ ਸਿੰਘ ਮਾਨ ਦੀ ਸਰਕਾਰ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਵਚਨਬੱਧ : ਜਗਸੀਰ ਸਿੰਘ ਜੰਗ ਧੂਰੀ



ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤਾ ਗਿਆ ਬਜਟ ਲੋਕ ਭਲਾਈ ਤੇ ਸੂਬੇ ਦੇ ਸਰਬਪੱਖੀ ਵਿਕਾਸ ਦੀ ਮੂੰਹ ਬੋਲਦੀ ਤਸਵੀਰ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਵਾਰਡ ਨੰਬਰ 3 ਤੋਂ ਸੀਨੀਅਰ ਆਗੂ ਜਗਸੀਰ ਸਿੰਘ ਜੰਗ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਭਾਵੇਂ ਕੇਂਦਰੀ ਸਰਕਾਰ ਨੇ ਪੰਜਾਬ ਦੇ ਵਿਕਾਸ ਨੂੰ ਹਮੇਸ਼ਾ ਗ੍ਰਹਿਣ ਲਾਣ ਦੀ ਕੋਸ਼ਿਸ਼ ਕੀਤੀ ਹੈ। ਪਰ ਪੰਜਾਬ ਵਿੱਚ ਭਗਵੰਤ ਸਿੰਘ ਮਾਨ ਦੀ ਸਰਕਾਰ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਬਚਨ ਵੱਧ ਹੈ ਵਿਧਾਨ ਸਭਾ ਵਿੱਚ ਪੇਸ਼ ਕੀਤਾ ਗਿਆ ਬਜਟ ਇਸ ਗੱਲ ਦਾ ਪ੍ਰਤੀਕ ਹੈ । ਇਹ ਸੂਬਾ ਸਰਕਾਰ ਹਰੇਕ ਵਰਗ ਦੇ ਲੋਕਾਂ ਦੀ ਭਲਾਈ ਅਤੇ ਸੂਬੇ ਦੇ ਪਿੰਡਾਂ ਤੇ ਸ਼ਹਿਰਾਂ ਦੇ ਵਿਕਾਸ ਨੂੰ ਤਰਹੀਜ ਦੇ ਰਹੀ ਹੈ ।ਉਹਨਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਹਰੇਕ ਵਰਗ ਦੇ ਲੋਕਾਂ ਦਾ ਸਿਹਤ ਕਾਰਡ ਬਣਾਉਣਾ ਤੇ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦਾ ਕੀਤਾ ਗਿਆ ਪ੍ਰਬੰਧ ਇੱਕ ਇਤਿਹਾਸਿਕ ਫੈਸਲਾ ਹੈ । ਇਸੇ ਤਰ੍ਹਾਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਵਾਸਤੇ ਖੇਡ ਦਾ ਪੰਜਾਬ ਬਾਦਲਦਾ ਪੰਜਾਬ ਦੇ ਨਾਂ ਹੇਠ ਸਰਕਾਰ ਨੇ ਇੱਕ ਸਲਾਂਘਾਯੋਗ ਕਦਮ ਚੁੱਕਿਆ ਹੈ। ਜਿਸ ਨਾਲ ਜਿੱਥੇ ਪਿੰਡਾਂ ਵਿੱਚ ਖੇਡ ਮੈਦਾਨ ਤੇ ਇਨ ਡੋਰ ਜਿੰਮ ਬਣਾ ਕੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਿਆ ਜਾਵੇਗਾ ਉਥੇ ਹੀ ਸਰਕਾਰ ਦਾ ਇਹ ਉਪਰਾਲਾ ਨੌਜਵਾਨ ਵਰਗ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਨਸ਼ਾ ਮੁਕਤ ਪੰਜਾਬ ਦੀ ਸਿਰਜਨਾ ਲਈ ਸਹਾਈ ਹੋਵੇਗਾ।

# ਮੁੱਖ ਮੰਤਰੀ ਦੇ ਐਲਾਨ ਦੇ ਬਾਵਜੂਦ ਪ੍ਰਾਈਵੇਟ ਸਕੂਲਾਂ ਦੀ ਮਨਮਾਨੀ ਜਾਰੀ; ਰਣਦੀਪ ਸਿੰਘ ਦਿਓਲ



ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤ ਨੂੰ ਵਿਸਵ ਗੁਰੂ ਬਨਾਉਣ ਲਈ ਪ੍ਰਭਾਵੀ, ਸਮਾਂ ਬੱਧ ਅਤੇ ਪ੍ਰਭਾਵਸਾਲੀ ਸਿੱਖਿਆ ਦੀ ਜਰੂਰਤ ਹੈ ਅਤੇ ਗਰੀਬ ਬੱਚਿਆਂ ਲਈ ਲਾਹੇਵੰਦ ਨੀਤੀ ਬਣਾਉਣ ਦੀ ਲੋੜ ਹੈ। ਪ੍ਰਾਈਵੇਟ ਸਕੂਲਾਂ ਦੀਆਂ ਮਨਮਾਨੀਆਂ ਦੀ ਨਿਖੇਧੀ ਕਰਦਿਆਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ, ਸ,ਰਣਦੀਪ ਸਿੰਘ ਦਿਓਲ ਹਲਕਾ ਇੰਚਾਰਜ ਧੂਰੀ ਨੇ ਕਿਹਾ ਕਿ ਪ੍ਰਾਈਵੇਟ ਸਕੂਲਾਂ ਵੱਲੋਂ ਫੀਸਾਂ ਵਿੱਚ ਵਾਧਾ ਕਰਕੇ ਨਾ ਸਿਰਫ ਬੱਚਿਆਂ ਦੇ ਮਾਪਿਆਂ 'ਤੇ ਬੇਲੋੜਾ ਬੋਝ ਪਾਇਆ ਜਾ ਰਿਹਾ ਹੈ, ਨਾਲ ਹੀ ਨਿੱਜੀ ਪ੍ਰਕਾਸਕਾਂ ਦੀਆ ਕਿਤਾਬਾਂ ਅਤੇ ਮਹਿੰਗੀਆ ਵਰਦੀਆਂ ਖਾਸ ਦੁਕਾਨਾਂ ਤੋ ਖਰੀਦਣ ਲਈ ਮਜਬੂਰ ਕਰਕੇ ਉਨ੍ਹਾਂ ਦੀ ਆਰਥਕ ਤੌਰ ਤੇ ਲੁੱਟ ਕਰਕੇ ਸਿੱਖਿਆ ਨੂੰ ਵੀ ਆਮ ਲੋਕਾਂ ਲਈ ਮਹਿੰਗਾ ਕੀਤਾ ਜਾ ਰਿਹਾ ਹੈ। ਕਰੋਨਾ ਦੇ ਦੌਰ ਵਿੱਚ ਸਾਲਾਨਾ ਫੀਸਾਂ ਵਿੱਚ ਵਾਧੇ, ਇੰਟਰਨੈੱਟ ਦੀ ਕੀਮਤ ਅਤੇ ਮੋਬਾਈਲ ਅਤੇ ਲੈਪਟਾਪ ਦੇ ਖਰਚਿਆਂ ਕਾਰਨ ਮੱਧ ਵਰਗ ਦੇ ਪਰਿਵਾਰਾਂ ਦੀ ਕਮਰ ਤੋੜਨ ਦਾ ਕੰਮ ਕੀਤਾ ਗਿਆ ਤੇ ਕੋਈ ਰਾਹਤ ਨਹੀਂ ਦਿਤੀ ਗਈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਚਾਹੀਦਾ ਹੈ ਕਿ ਉਹ ਆਪਣੀ ਪਾਰਟੀ ਦੇ ਵਿਧਾਇਕਾਂ ਨੂੰ ਸਰਕਾਰੀ ਦਫਤਰਾਂ ਵਿੱਚ ਛਾਪੇ ਮਾਰਨ ਦੇ ਨਾਲ-ਨਾਲ ਪ੍ਰਾਈਵੇਟ ਸਕੂਲਾਂ ਵਿੱਚ ਬੱਚਿਆਂ ਦੇ ਮਾਪਿਆਂ ਦੀ ਹੋ ਰਹੀ ਲੁੱਟ ਬੰਦ ਕਰਵਾਉਣ। ਇਸ ਮੌਕੇ ਜਗਦੀਪ ਸਿੰਘ ਗੱਗੂ ਤੂਰ, ਕ੍ਰਿਸਨ ਗੋਪਾਲ ਨੀਲੂ ਮਿੱਤਲ, ਜਗਦੇਵ ਜਿੰਦਲ ਜੱਗਾ, ਮਨਦੀਪ ਸਿੰਘ ਹਾਜ਼ਰ ਸਨ।

# ਮੁੱਖ ਮੰਤਰੀ ਦਾ ਨਸਿਆ ਵਿਰੁੱਧ ਉਪਰਾਲਾ ਸ਼ਲਾਘਾਯੋਗ-ਨੰਬਰਦਾਰ ਰਜਿੰਦਰ ਸਿੰਘ ਪੇਧਨੀ




ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਡੀਜੀਪੀ ਪੰਜਾਬ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਬਹੁਤ ਵਧੀਆ ਉਪਰਾਲਾ ਹੈ। ਸਾਨੂੰ ਸਾਰਿਆਂ ਨੂੰ ਹੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਦਾ ਸਾਥ ਦੇਣਾ ਚਾਹੀਦਾ ਹੈ। ਅਤੇ ਵੱਡੇ ਪੱਧਰ ਤੇ ਲੋਕਾਂ ਨੂੰ ਨਸ਼ੇ ਨਾ ਕਰਨ ਲਈ ਜਾਗਰੂਕ ਅਭਿਆਨ ਚਲਾਉਣਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨੰਬਰਦਾਰ ਰਜਿੰਦਰ ਸਿੰਘ ਪੇਧਨੀ ਪ੍ਰਮੁੱਖ ਉਮੀਦਵਾਰ ਜ਼ਿਲਾ ਪ੍ਰੀਸ਼ਦ ਜੋਨ ਬੇਨੜਾ ਨੇ ਕੀਤਾ। ਉਨ੍ਹਾਂ ਕਿਹਾ ਕਿ ਹਰ ਪਿੰਡ ਦੇ ਸ਼ਹਿਰ ਵਾਸੀ ਨੂੰ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਨਸ਼ੇ ਦੇ ਕੋਹੜ ਪੰਜਾਬ ਵਿੱਚੋਂ ਜੜ ਤੋਂ ਖਤਮ ਕਰਨ ਲਈ ਸਭ ਨੂੰ ਨਸ਼ਿਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਨਸ਼ਾ ਵਿਰੋਧੀ ਸੈਮੀਨਾਰ ਲਗਵਾਉਣ ਚਾਹੀਦੇ ਹਨ ਅਤੇ ਸਕੂਲਾਂ ਵਿਚ ਵੀ ਬੱਚਿਆਂ ਨੂੰ ਨਸ਼ੇ ਦੇ ਬੁਰੇ ਪ੍ਰਵਾਹ ਤੋਂ ਜਾਣੂ ਕਰਵਾਉਣ ਚਾਹੀਦਾ ਹੈ। ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਇਸੇ ਸਖ਼ਤੀ ਨਾਲ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਲੜਾਈ ਲੜਦੀ ਰਹੀ ਤਾਂ ਉਹ ਦਿਨ ਦੂਰ ਨਹੀਂ ਹੋਵੇਗਾ ਜਦੋਂ ਪੰਜਾਬ ਵਿੱਚ ਨਸ਼ੇ ਪੂਰੀ ਤਰ੍ਹਾਂ ਖਤਮ ਹੋ ਜਾਣਗੇ ਨਸ਼ਿਆਂ ਦੇ ਖਤਮ ਹੋਣ ਨਾਲ ਸਾਡੇ ਨੌਜਵਾਨ ਪੀੜੀ ਅਤੇ ਬੱਚੇ ਨਵੇਂ ਭਵਿੱਖ ਵੱਲ ਧਿਆਨ ਕਰਨਗੇ ਅਤੇ ਤਰੱਕੀਆਂ ਕਰਨਗੇ ਪੰਜਾਬ ਦੇ ਨੌਜਵਾਨ ਪੀੜੀ ਤੰਦਰੁਸਤ ਰਹੇਗੀ ਅਤੇ ਕੰਮ ਅਤੇ ਪੜ੍ਹਾਈ ਵੱਲ ਧਿਆਨ ਦੇਵੇਗੀ। ਇਸ ਮੌਕੇ ਆਪ ਆਗੂ ਡਿੰਪੀ ਕਲੇਰ ਪੇਧਨੀ ਮੈਂਬਰ ਪੰਚਾਇਤ, ਆਪ ਆਗੂ ਜੰਗ ਧੂਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਐਨ ਆਰ ਆਈ ਦੇ ਸਹਿਯੋਗ ਨਾਲ ਪਿੰਡ ਚੰਨਣਕੇ ਵਿੱਚ

# ਲੋੜਵੰਦ ਧੀਆਂ ਦੇ ਕੀਤੇ ਵਿਆਹ









**ਚੌਕ ਮਹਿਤਾ, 6 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਐਨ ਆਰ ਆਈ ਵਾਰਸ ਬਲਰਾਜ ਸਿੰਘ ਰੰਧਾਵਾ ਅਤੇ ਐਨ ਆਰ ਆਈ ਸੁਖਰਾਜ ਸਿੰਘ ਰੰਧਾਵਾ ਨੇ ਸਮਾਜ ਸੇਵੀ ਹੌਲਦਾਰ ਅਰਜਨ ਸਿੰਘ ਰੰਧਾਵਾ, ਮਾਸਟਰ ਝਿਰਮਲ ਸਿੰਘ ਰੰਧਾਵਾ, ਮਾਸਟਰ ਨਿਰਮਲ ਸਿੰਘ ਰੰਧਾਵਾ ਦੀ ਯਾਦ ਵਿੱਚ ਆਪਣੇ ਜੱਦੀ ਪਿੰਡ ਚੰਨਣਕੇ ਗੁਰਦੁਆਰਾ ਹਵੇਲੀ ਸਾਹਿਬ ਚੰਨਣਕੇ ਵਿੱਖੇ ਲੋੜਵੰਦ ਧੀਆ ਦੇ ਗੁਰਮਰਯਾਦਾ ਨਾਲ ਵਿਆਹ ਆਨੰਦ ਕਾਰਜ ਕੀਤੇ ਗਏ। ਇਸ ਮੌਕੇ ਤੇ ਬੱਚੀਆਂ ਨੂੰ ਘਰ ਵਰਤਨ ਵਾਲਾ ਸਮਾਨ ਵੀ ਦਿੱਤਾ ਗਿਆ। ਇਸ ਮੌਕੇ ਤੇ ਮਾਸਟਰ ਝਿਰਮਲ ਸਿੰਘ ਰੰਧਾਵਾ ਸੁਰਗਵਾਸੀ ਦੀ ਧਰਮ ਸਪੁੱਤਨੀ ਮੈਡਮ ਨਿਰਮਲ ਕੌਰ ਅਤੇ ਮਾਸਟਰ ਨਿਰਮਲ ਸਿੰਘ ਰੰਧਾਵਾ ਸੁਰਗਵਾਸੀ ਦੀ ਧਰਮ ਸਪੁੱਤਨੀ ਮੈਡਮ ਮਹਿੰਦਰ ਕੌਰ ਨੇ ਵਿਆਹ ਵਾਲਿਆਂ ਬੱਚਿਆਂ ਅਤੇ ਬੱਚੀਆ ਅਸ਼ੀਰਵਾਦ ਦਿੱਤਾ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਹੋ ਜਿਹੇ ਉਪਰਾਲੇ ਸਮਾਜ ਭਲਾਈ ਦੇ ਕਾਰਜ ਕਰਨੇ ਚਾਹੀਦੇ ਹਨ ਅਤੇ ਲੋੜਵੰਦਾਂ ਦੀ ਦੀ ਵੱਧ ਤੋਂ ਵੱਧ ਸਹਾਇਤਾ ਕਰਨੀ ਚਾਹੀਦੀ ਹੈ।ਇਸ ਮੌਕੇ ਤੇ ਮੈਡਮ ਨਿਰਮਲ ਕੌਰ ਰੰਧਾਵਾ, ਮੈਡਮ ਮਹਿੰਦਰ ਕੌਰ ਰੰਧਾਵਾ, ਮੈਡਮ ਹਰਜੀਤ ਕੌਰ, ਸੁਖਮਨੀ ਕੌਰ ਰੰਧਾਵਾ,ਹਰਵਿੰਦਰ ਸਿੰਘ, ਸਰਪੰਚ ਕੁਲਵਿੰਦਰ ਸਿੰਘ ਮਿੱਠਾ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ,ਪ੍ਰਧਾਨ ਲਖਵਿੰਦਰ ਸਿੰਘ, ਪ੍ਰਧਾਨ ਗੁਰਪ੍ਰੀਤ ਸਿੰਘ ਸਾਹ ਆਦਿ ਹਾਜ਼ਰ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV

### ਡੀਏਵੀ ਕਾਲਜ ਅੰਮ੍ਰਿਤਸਰ ਵਿਖੇ 66ਵੀਂ ਸਲਾਨਾ ਕਨਵੋਕੇਸ਼ਨ ਆਯੋਜਿਤ ਕੀਤੀ ਗਈ

# ਜਿਸ ਕਾਲਜ ਨੇ ਦਿੱਤੀ ਡਿਗਰੀ, ਉਸ ਕਾਲਜ 'ਚ ਮੁੱਖ ਮਹਿਮਾਨ ਬਣਨਾ ਫ਼ਕਰ ਦਾ ਪਲ : ਈਟੀਓ

**ਜੰਡਿਆਲਾ ਗੁਰੂ 6 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**- ਡੀਏਵੀ ਕਾਲਜ ਅੰਮ੍ਰਿਤਸਰ ਵਿਖੇ 6 ਅਪ੍ਰੈਲ 2025 ਨੂੰ 66ਵੀਂ ਸਲਾਨਾ ਕਨਵੋਕੇਸ਼ਨ ਆਯੋਜਿਤ ਕੀਤੀ ਗਈ ,ਜਿਸ ਵਿੱਚ ਪੰਜਾਬ ਸਰਕਾਰ ਦੇ ਬਿਜਲੀ ਅਤੇ ਊਰਜਾ ਵਿਭਾਗ ਦੇ ਮੰਤਰੀ ਸ.ਹਰਭਜਨ ਸਿੰਘ ਈਟੀਓ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ ਅਤੇ ਡਾ. ਪੂਜਾ ਵਿਆਸ ਡਾਇਰੈਕਟਰ ( ਏ ਐਂਡ ਐਫ਼) ਇੰਡੀਅਨ ਕੌਂਸਲ ਆਫ ਫਿਲੋਸੋਫੀਕਲ ਰਿਸਰਚ ਨਵੀਂ ਦਿੱਲੀ ਸ਼ਾਮਿਲ ਹੋਏ । ਕਨਵੋਕੇਸ਼ਨ ਦੀ ਸ਼ੁਰੂਆਤ ਰਵਾਇਤੀ ਅਕਾਦਮਿਕ ਪ੍ਰੋਸੈਸ਼ਨ ਨਾਲ ਹੋਈ, ਜਿਸ ਤੋਂ ਬਾਅਦ ਰਸਮੀ ਜੋਤ ਜਗਾਈ ਗਈ ਅਤੇ ਡੀਏਵੀ ਗੀਤ ਦਾ ਗਾਇਨ ਕੀਤਾ ਗਿਆ ਕਾਲਜ ਦੇ ਪ੍ਰਿੰ.ਡਾ.ਅਮਰਦੀਪ ਗੁਪਤਾ ਜੀ ਨੇ ਸਵਾਗਤੀ ਭਾਸ਼ਣ ਦੇਣ ਦੇ ਨਾਲ ਨਾਲ ਸੰਸਥਾ ਦੀ ਅਕਾਦਮਿਕ ਉੱਚਤਾ ,ਸੰਪੂਰਨ ਵਿਕਾਸ , ਮੁੱਲ ਪ੍ਰਧਾਨ ਸਿੱਖਿਆ ਪ੍ਰਣਾਲੀ ਪ੍ਰਤੀ ਇੱਕ ਅਟੁੱਟ ਵਚਨਬਧਤਾ ਦੀ ਅਮੀਰ ਵਿਰਾਸਤ ਨੂੰ ਉਜਾਗਰ ਕੀਤਾ ਉਹਨਾਂ ਨੇ ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਹਨਾਂ ਨੂੰ ਮੁੱਖ ਮਹਿਮਾਨ ਅਤੇ ਸਨਮਾਨਯੋਗ ਮਹਿਮਾਨ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਇਆ । ਉਨਾਂ ਨੇ ਪਾਸ ਆਊਟ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਕਦੇ ਵੀ ਹਾਰ ਨਾ ਮੰਨਣ ਅਤੇ ਆਪਣੇ ਸਾਰੇ ਕੰਮਾਂ ਨੂੰ ਬੜੀ ਮਿਹਨਤ ਤੇ ਲਗਨ ਨਾਲ ਕਰਨ ਅਤੇ ਸਦਾ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ । ਉਹਨਾਂ ਨੇ ਗ੍ਰੈਜੂਏਟ ਹੋਣ ਵਾਲੇ ਵਿਦਿਆਰਥੀਆਂ ਨੂੰ ਡੀਏਵੀ ਕਾਲਜ ਦੇ ਸਿਧਾਂਤਾਂ ਨੂੰ ਅੱਗੇ ਵਧਾਉਣ ਤੇ ਭਵਿੱਖ ਮੁਖੀ ਯਤਨਾਂ ਰਾਹੀਂ ਸੰਸਥਾ ਦਾ ਮਾਣ ਹੋਰ ਬੁਲੰਦੀਆਂ ਤੇ ਪਹੁੰਚਾਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਮੁੱਖ ਮਹਿਮਾਨ ਸਰਦਾਰ ਹਰਭਜਨ ਸਿੰਘ ਈਟੀਓ ਵੱਲੋਂ ਇੱਕ ਪ੍ਰੇਰਨਾਦਾਇਕ ਭਾਸ਼ਣ ਨਾਲ ਸਮੂਹ ਵਿਦਿਆਰਥੀਆਂ ਅਤੇ ਹਾਜ਼ਰੀਨ ਨੂੰ ਸੰਬੋਧਨ ਕੀਤਾ ਗਿਆ ਉਹਨਾਂ ਨੇ ਡਿਗਰੀ ਲੈਣ ਵਾਲੇ ਵਿਦਿਆਰਥੀਆਂ ਨੂੰ ਚੁਣੌਤੀਆਂ ਅਪਣਾਉਣ, ਨੈਤਿਕ ਕਦਰਾਂ ਕੀਮਤਾਂ ਨੂੰ ਕਾਇਮ ਰੱਖਣ,ਦੇ ਨਾਲ ਨਾਲ ਸਮਾਜ ਵਿੱਚ ਇੱਕ ਚੰਗਾ ਯੋਗਦਾਨ ਪਾਉਣ ਦੀ ਅਪੀਲ ਕੀਤੀ ਅਤੇ ਨਾਲ ਹੀ ਕਿਹਾ ਕਿ ਵਿਦਿਆਰਥੀਆਂ ਨੂੰ ਕਦੇ ਵੀ ਜ਼ਿੰਦਗੀ ਚ ਹਾਰ ਨਹੀਂ ਮੰਨਣੀ ਚਾਹੀਦੀ ਆਪਣੇ ਇਸ ਭਾਸ਼ਣ ਵਿੱਚ ਉਹਨਾਂ ਨੇ ਅੱਜ ਦੇ ਗਤੀਸ਼ੀਲ ਸੰਸਾਰ ਵਿੱਚ ਨਵੀਨਤਾ, ਲਚਕੀਲਾਪਨ ਤੇ ਜੀਵਨ ਭਰ ਸਿੱਖਣ ਦੀ ਮਹੱਤਤਾ ਤੇ ਜ਼ੋਰ ਦਿੱਤਾ ਤੇ ਵਿਦਿਆਰਥੀ ਵਜੋਂ ਕਾਲਜ ਵਿੱਚ ਬਿਤਾਏ ਆਪਣੇ ਸਮੇਂ ਅਤੇ ਤਜ਼ਰਬਿਆਂ ਨੂੰ ਸਾਂਝਾ ਕੀਤਾ, ਉਨਾਂ ਨੇ ਕਿਹਾ ਕਿ ਅੱਜ ਉਹ ਜਿਸ ਵੀ ਪੁਜੀਸ਼ਨ ਤੇ ਹਨ ਉਸ ਪਿੱਛੇ ਉਨਾਂ ਦੇ ਸਕੂਲ, ਡੀਏਵੀ ਕਾਲਜ ਤੇ ਉਨਾਂ ਦੇ ਅਧਿਆਪਕਾਂ ਦਾ ਬੜਾ ਵੱਡਾ ਯੋਗਦਾਨ ਰਿਹਾ ਹੈ, ਉਨਾਂ ਨੇ ਕਿਹਾ ਕਾਲਜ ਦੀ ਕਨਵੋਕੇਸ਼ਨ ਦੇ ਮੁੱਖ ਮਹਿਮਾਨ ਬਣਨ ਨਾਲੋਂ ਸੇਵਾਦਾਰ ਬਣਨਾ ਮੇਰੇ ਲਈ ਵੱਡਾ ਸਨਮਾਨ ਹੈ ਜਿੱਥੋਂ ਉਹਨਾਂ ਬੀਏ ਦੀ ਡਿਗਰੀ ਪ੍ਰਾਪਤ ਕਰਦਿਆਂ ਆਪਣੇ ਯੋਗ ਅਧਿਆਪਕਾ ਕੋਲੋਂ ਬਹੁਤ ਕੁਝ ਸਿੱਖਿਆ ਤੇ ਡੀਏਵੀ ਕਾਲਜ ਦੇ ਡਿਸਿਪਲਨ ਦੀ ਸ਼ਲਾਗਾ ਕੀਤੀ । ਸ਼੍ਰੀਮਤੀ ਪੂਜਾ ਵਿਆਸ ਨੇ ਡਿਗਰੀ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਤੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ।ਉਹਨਾਂ ਕਿਹਾ ਕਿ ਡਿਗਰੀ ਪ੍ਰਾਪਤ ਕਰਨ ਤੋਂ ਬਾਅਦ ਸਿੱਖਿਆ ਖਤਮ ਨਹੀਂ ਹੁੰਦੀ ਵਿਦਿਆਰਥੀਆਂ ਨੂੰ ਹਮੇਸ਼ਾ ਸਿੱਖਦੇ ਰਹਿਣਾ ਚਾਹੀਦਾ ਹੈ ਕਾਲਜ ਵੱਲੋਂ ਵੱਖ-ਵੱਖ ਵਿਸ਼ਿਆਂ ਦੇ ਲਗਭਗ 337 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ, ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਅਤੇ ਸਟਾਫ ਕੌਂਸਲ ਦੇ ਸਕੱਤਰ ਡਾਕਟਰ ਨੀਰਜ ਗੁਪਤਾ ਦੁਆਰਾ ਧੰਨਵਾਦ ਦੇ ਮਤੇ ਨਾਲ ਹੋਈ।ਇਸ ਸਮਾਗਮ ਵਿੱਚ ਬਿਜਲੀ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਦੀ ਪਤਨੀ ਸਤਿਕਾਰਯੋਗ ਸ੍ਰੀਮਤੀ ਸੁਹਿੰਦਰ ਕੌਰ ,ਕਾਲਜ ਦੇ ਸਮੂਹ ਸਟਾਫ ਮੈਂਬਰ ਟੀਚਿੰਗ ਅਤੇ ਨੋਨ ਟੀਚਿੰਗ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



### ਸੀਨੀਅਰ ਸਿਟੀਜਨ ਵੈਲ.ਫੇਅਰ ਐਸੋਸ਼ੀਏਸ਼ਨ ਧੂਰੀ ਦੀ

# ਮਹੀਨਾਵਾਰ ਮੀਟਿੰਗ ਹੋਈ

**ਧੂਰੀ ( ਰਣਜੀਤ ਸਿੰਘ ਪੇਧਨੀ )**-ਸੀਨੀਅਰ ਸਿਟੀਜਨ ਵੈਲਫ਼ੇਅਰ ਐਸੋਸ਼ੀਏਸ਼ਨ ਧੂਰੀ ਦੀ ਮਹੀਨਾਵਾਰ ਮੀਟਿੰਗ ਬਹੁਤ ਹੀ ਉਤਸ਼ਾਹ ਨਾਲ ਐਸੋਸ਼ੀਏਸ਼ਨ ਦੇ ਦਫ਼ਤਰ ਵਿਖੇ ਹੋਈ, ਮੀਟਿੰਗ ਵਿੱਚ ਸੀਨੀਅਰ ਸਿਟੀਜਨ ਦੀ ਹਾਜਰੀ ਬਹੁਤ ਹੀ ਭਰਵੀਂ ਸੀ ਜੋ ਐਸੋਸ਼ੀਏਸ਼ਨ ਦੀ ਹਰਮਨ ਪਿਆਰਤਾ ਦਾ ਸਬੂਤ ਹੈ। ਮੀਟਿੰਗ ਦੀ ਵਿਸ਼ੇਸ਼ਤਾ ਇਹ ਰਹੀ ਕਿ ਇਸ ਵਾਰ 31 ਸੀਨੀਅਰਜ ਦੇ ਜਨਮਦਿਨ ਮਨਾਏ ਜਾਣੇ ਸਨ, ਜਿਨ੍ਹਾਂ ਵਿਚੋਂ ਬਹੁਤੇ ਸਾਥੀ ਹਾਜਰ ਸਨ, ਉਹਨਾਂ ਨੂੰ ਐਸੋਸ਼ੀਏਸ਼ਨ ਦਾ ਸਨਮਾਨ ਚਿੰਨ੍ਹ ਦੇ ਕੇ ਅਤੇ ਮੂੰਹ ਮਿੱਠਾ ਕਰਾਕੇ ਉਨ੍ਹਾਂ ਦੀ ਪ੍ਰਸੰਨ ਚਿੱਤ ਲੰਮੀ ਉਮਰ ਲਈ ਕਾਮਨਾ ਕੀਤੀ ਗਈ। ਮੀਟਿੰਗ ਵਿੱਚ ਸਾਡੇ ਦੇਸ਼ ਦਾ ਗੌਰਵ ਸਾਡੇ ਸੈਨਿਕ ਵੀਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦਿਆਂ ਗੁਰਮੀਤ ਸਿੰਘ ਆਨੰਦ ਵਲੋਂ ਗੁਰਦਾਸ ਮਾਨ ਦਾ ਬਾਬਿਆਂ ਵਾਰੇ ਬਹੁਤ ਹੀ ਹਰਮਨਪਿਆਰਾ ਗੀਤ ਸੁਣਾ ਕੇ ਸ਼ੁਰੂਆਤ ਕੀਤੀ ਗਈ। ਇਥੇ ਇਹ ਦੱਸਣਾ ਵਰਨਣਯੋਗ ਹੈ ਕਿ ਐਸੋਸ਼ੀਏਸ਼ਨ ਸੀਨੀਅਰਜ ਦੀ ਸਿਹਤ ਪ੍ਰਤੀ ਬਹੁਤ ਹੀ ਚੇਤਨ ਹੈ।ਇਸ ਵਾਰ ਗਦੂਦਾਂ ਦੇ ਰੋਗ ਤੋਂ ਕਿਵੇਂ ਬਚਿਆ ਜਾਵੇ ,ਬਾਰੇ ਡਾਕਟਰ ਰਵੀ ਕਾਂਤ ਮਦਾਨ ਜੀ ਵਲੋਂ ਬਹੁਤ ਹੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ। ਮੀਟਿੰਗ ਦਾ ਇੱਕ ਬਹੁਤ ਹੀ ਵਿਸ਼ੇਸ਼ ਪਹਿਲਾਂ ਇਹ ਹਰ ਵਾਰ ਹੁੰਦਾ ਹੈ ਕਿ ਸ਼ਹਿਰ ਦੇ ਬਹੁਤ ਹੀ ਪਤਵੰਤੇ ਇਸ ਵਿੱਚ ਭਾਗ ਲੈਂਦੇ ਹਨ ਜੋ ਐਸੋਸ਼ੀਏਸ਼ਨ ਲਈ ਮਾਣ ਵਾਲੀ ਗੱਲ ਹੈ। ਬੁਲਾਰਿਆਂ ਵਲੋਂ ਜਗਦੇਵ ਸ਼ਰਮਾ ਜੀ ਬੁਗਰਾ, ਸੁਰਿੰਦਰ ਸ਼ਰਮਾਂ ਨਾਗਰਾ, ਕੁਲਜੀਤ ਧਵਨ,ਮਾਸਟਰ ਮੂਲ ਚੰਦ ਜੀ ਸ਼ਰਮਾ ਵਲੋਂ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਪ੍ਰਧਾਨ ਸਿਰੀ ਜਗਦੀਸ਼ ਸ਼ਰਮਾ ਜੀ ਵਲੋਂ ਆਏ ਸਾਥੀਆਂ ਦਾ ਧੰਨਵਾਦ ਕੀਤਾ।




### ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਵਿੱਚ

# ਬੱਚਿਆਂ ਅਤੇ ਅਧਿਆਪਕਾਂ ਨੂੰ ਸਨਮਾਨ



**ਨਵੀਂ ਦਿੱਲੀ, 6 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ ਦੇ ਅਧੀਨ ਚਲ ਰਹੇ ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਵਿੱਚ ਇਸ ਵਾਰੀ ਵੀ ਨਤੀਜੇ 100 ਪ੍ਰਤੀਸ਼ਤ ਰਹੇ ਅਤੇ ਕਲਾਸ 9 ਅਤੇ 11 ਦੇ ਬੱਚਿਆਂ ਵਿੱਚ 90 ਪ੍ਰਤੀਸ਼ਤ ਅੰਕ ਅਤੇ ਡਿਸਟਿੰਕਸ਼ਨ ਹਾਸਲ ਕਰਨ ਵਾਲੇ ਬੱਚਿਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਨੂੰ ਸਕੂਲ ਪ੍ਰਬੰਧਨ ਅਤੇ ਪ੍ਰਿੰਸੀਪਲ ਸਾਹਿਬਾ ਵੱਲੋਂ ਸਨਮਾਨਿਤ ਕੀਤਾ ਗਿਆ।

ਇਸ ਮੌਕੇ 'ਤੇ ਸਕੂਲ ਦੇ ਮੈਨੇਜਰ ਜਗਜੀਤ ਸਿੰਘ ਅਤੇ ਪ੍ਰਿੰਸੀਪਲ ਵੱਲੋਂ ਸਾਰੇ ਬੱਚਿਆਂ ਅਤੇ ਅਧਿਆਪਕਾਂ ਨੂੰ ਪ੍ਰੋਤਸਾਹਿਤ ਕਰਦੇ ਹੋਏ ਸਨਮਾਨਿਤ ਕੀਤਾ ਗਿਆ। ਸ: ਜਗਜੀਤ ਸਿੰਘ ਨੇ ਦੱਸਿਆ ਕਿ ਸਕੂਲ ਦੇ ਸਿਸਟਮ ਨੂੰ ਦੇਖਦੇ ਹੋਏ ਦਿੱਲੀ ਦੇ ਨਾਮੀ ਸਕੂਲਾਂ ਤੋਂ ਬੱਚੇ ਉਨ੍ਹਾਂ ਦੇ ਇੱਥੇ ਦਾਖਲਾ ਲੈਣ ਲਈ ਆ ਰਹੇ ਹਨ ਕਿਉਂਕਿ ਇੱਥੇ ਬੱਚਿਆਂ ਨੂੰ ਸਿੱਖਿਆ ਦੇ ਨਾਲ-ਨਾਲ ਖੇਡਾਂ ਵਿੱਚ ਵੀ ਦਿਲਚਸਪੀ ਪੈਦਾ ਕੀਤੀ ਜਾਂਦੀ ਹੈ। ਉਨ੍ਹਾਂ ਨੇ ਦੱਸਿਆ ਕਿ ਉਨ੍ਹਾਂ ਦੇ ਸਕੂਲ ਦੇ ਕਈ ਬੱਚੇ ਸਟੇਟ ਲੈਵਲ 'ਤੇ ਖੇਡ ਚੁਕੇ ਹਨ। ਉਨ੍ਹਾਂ ਨੇ ਦੱਸਿਆ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮਨਜੀਤ ਸਿੰਘ, ਸਕੱਤਰ ਮਨਜੀਤ ਸਿੰਘ ਖੰਨਾ ਅਤੇ ਸਕੂਲ ਦੇ ਚੇਅਰਮੈਨ ਬਲਦੀਪ ਸਿੰਘ ਰਾਜਾ ਦਾ ਸਮੇਂ ਸਮੇਂ 'ਤੇ ਮਾਰਗਦਰਸ਼ਨ ਮਿਲਦਾ ਰਹਿੰਦਾ ਹੈ ਜਿਸ ਕਰਕੇ ਸਕੂਲ ਉੱਚੀਆਂ ਉਡਾਣਾਂ 'ਤੇ ਪਹੁੰਚ ਰਿਹਾ ਹੈ।

### ਧੰਨ ਧੰਨ ਬਾਬਾ ਦੀਪ ਸਿੰਘ ਸੋਸਾਇਟੀ ਸੇਵਾਦਾਰ ਭਾਈ ਗੁਰਮੀਤ ਸਿੰਘ ਨੂੰ

# ਵਿਦਾਇਗੀ ਪਾਰਟੀ ਮੌਕੇ ਕੀਤਾ ਗਿਆ ਸਨਮਾਨਿਤ

**ਜੰਡਿਆਲਾ ਗੁਰੂ, 6 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਧੰਨ ਧੰਨ ਬਾਬਾ ਦੀਪ ਸਿੰਘ ਐਜਕੇਸ਼ਨ ਸੋਸਾਇਟੀ ਵੱਲੋਂ ਗੁਰਬਾਣੀ ਪ੍ਰਚਾਰ ਹਿੱਤ ( ਹਲੂਣਾ) ਕੈਲੰਡਰ ਲਗਾਉਣ ਦੀ ਸੇਵਾ ਲੰਬੇ ਸਮੇਂ ਤੋਂ ਸੋਸਾਇਟੀ ਦੇ ਸਰਪ੍ਰਸਤ ਕਮਲਪ੍ਰੀਤ ਸਿੰਘ ਵੱਲੋਂ ਚਲਾਈ ਜਾ ਰਹੀ ਹੈ, ਜਿਸ ਦੌਰਾਨ ਸੁਸਾਇਟੀ ਦੇ ਸੇਵਾਦਾਰ ਘਰਾਂ, ਦੁਕਾਨਾਂ ਅਤੇ ਧਾਰਮਿਕ ਸਥਾਨਾਂ ਤੇ ਪਹੁੰਚ ਹਰ ਮਹੀਨੇ ਹਲੂਣਾ ਕੈਲੰਡਰ ਦੀ ਸੇਵਾ ਕਰਦੇ ਹਾਂ। ਜਿਸ ਦੌਰਾਨ ਸਾਲ 2008 ਤੋਂ ਹਲੂਣਾ ਗੁਰਬਾਣੀ ਕੈਲੰਡਰ ਸੰਗਤਾਂ ਵਿੱਚ ਵੰਡਣ ਦੀ ਸੇਵਾ ਨਿਭਾ ਰਹੇ ਗੁਰਮੀਤ ਸਿੰਘ ਨੂ ਰਿਟਾਇਰਮੈਂਟ ਕਰਦੇ ਹੋਏ ਸੁਸਾਇਟੀ ਦੇ ਸਰਪਰਸਤ ਕਮਲਪ੍ਰੀਤ ਸਿੰਘ ਵੱਲੋਂ ਉਹਨਾਂ ਦਾ ਸਨਮਾਨ ਕਰਦੇ ਹੋਏ ਵਿਦਾਇਗੀ ਕੀਤੀ ਗਈ। ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸਰਦਾਰ ਗੁਰਮੀਤ ਸਿੰਘ ਜੀ ਅਤੇ ਉਹਨਾਂ ਦੇ ਪਰਿਵਾਰ ਦੀ ਚੜ੍ਹਦੀ ਕਲਾ ਵਾਸਤੇ ਸਮੂਹ ਸਟਾਫ ਅਤੇ ਮੈਂਬਰਾਂ ਵੱਲੋਂ ਜਪੁਜੀ ਸਾਹਿਬ ਜੀ ਤੇ ਪਾਠ ਕੀਤੇ ਗਏ ਅਤੇ ਅਰਦਾਸ ਕੀਤੀ ਗਈ। ਗੁਰੂ ਸਾਹਿਬ ਜੀ ਦੀ ਹਜ਼ੂਰੀ ਵਿੱਚ ਕਮਲਪ੍ਰੀਤ ਸਿੰਘ ਜੀ ਵੱਲੋਂ ਸੇਵਾਦਾਰ ਗੁਰਮੀਤ ਸਿੰਘ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਐਜੂਕੇਸ਼ਨਲ ਸੋਸਾਇਟੀ ਦੇ ਸਰਪ੍ਰਸਤ ਕਮਲਪ੍ਰੀਤ ਸਿੰਘ ਵੱਲੋਂ ਸੇਵਾਦਾਰ ਗੁਰਮੀਤ ਸਿੰਘ ਵੱਲੋਂ ਸੁਸਾਇਟੀ ਪ੍ਰਤੀ ਨਿਭਾਈਆਂ ਗਈਆਂ ਸੇਵਾ ਬਾਰੇ ਦੱਸਦੇ ਹੋਇਆ ਉਹਨਾਂ ਦਾ ਧੰਨਵਾਦ ਕੀਤਾ ਗਿਆ। ਉਹਨਾਂ ਕਿਹਾ ਕਿ ਸੇਵਾਦਾਰ ਗੁਰਮੀਤ ਸਿੰਘ ਵੱਲੋਂ ਲਗਾਤਾਰ 17 ਸਾਲ ਸੋਸਾਇਟੀ ਵਿੱਚ ਸੇਵਾ ਨਿਭਾਈ ਗਈ ਹੈ ਅਤੇ ਬਹੁਤ ਹੀ ਇਮਾਨਦਾਰੀ ਅਤੇ ਮਿਹਨਤ ਨਾਲ ਉਹਨਾਂ ਵੱਲੋਂ ਹਰ ਕਾਰਜ ਕੀਤਾ ਗਿਆ ਹੈ ਜਿਸ ਦੌਰਾਨ ਸੋਸਾਇਟੀ ਵੱਲੋਂ ਰਿਟਾਇਰਮੈਂਟ ਕਰਦੇ ਹੋਏ ਗੁਰਮੀਤ ਸਿੰਘ ਜੀ ਨੂੰ ਉਹਨਾਂ ਦਾ ਬਣਦਾ ਸਨਮਾਨ ਦਿੱਤਾ ਗਿਆ ਹੈ। ਜਿੱਥੇ ਸੋਸਾਇਟੀ ਵੱਲੋਂ ਸੇਵਾਦਾਰ ਗੁਰਮੀਤ ਸਿੰਘ ਨੂੰ ਮਾਨ ਸਨਮਾਨ ਦਿੱਤਾ ਗਿਆ ਉਥੇ ਹੀ ਸਮੂਹ ਸੇਵਾਦਾਰਾਂ ਵੱਲੋਂ ਗੁਰਮੀਤ ਸਿੰਘ ਨੂੰ ਸ੍ਰੀ ਹਰਗੋਬਿੰਦ ਸਾਹਿਬ ਜੀ ਦੀ ਤਸਵੀਰ ਦੇ ਨਾਲ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰੀਤੀ ਕੌਰ, ਨਵਪ੍ਰੀਤ ਕੌਰ ਅਤੇ ਸੇਵਾਦਾਰ ਸਕੱਤਰ ਤਰਸੇਮ ਸਿੰਘ, ਜਗਜੀਤ ਸਿੰਘ, ਜਸਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਮੰਗਲ ਸਿੰਘ, ਰਣਜੀਤ ਸਿੰਘ, ਜਸਪ੍ਰੀਤ ਸਿੰਘ, ਪ੍ਰਗਟ ਸਿੰਘ, ਪ੍ਰਗਟ ਸਿੰਘ ਅਜਨਾਲਾ, ਅਮਤੇਸਵਰ ਸਿੰਘ, ਮਨਜਿੰਦਰ ਸਿੰਘ, ਗੁਰਲਾਲ ਸਿੰਘ ਅਤੇ ਸਮੂਹ ਕਲੈਰੀਕਲ ਸਟਾਫ ਰਜਨੀ ਨੰਦਾ, ਤਰੁਣ ਕੌਰ, ਚਰਨਜੀਤ ਕੌਰ ਅਤੇ ਸੇਵਾਦਾਰ ਗੁਰਮੀਤ ਸਿੰਘ ਜੀ ਦੇ ਪਰਿਵਾਰਿਕ ਮੈਂਬਰ ਹਰਜਿੰਦਰ ਕੌਰ, ਮਨਪ੍ਰੀਤ ਸਿੰਘ, ਜੋਬਨਪ੍ਰੀਤ ਸਿੰਘ, ਆਕਾਸ਼ਦੀਪ ਸਿੰਘ, ਨਵਜੋਤ ਕੌਰ ਮੌਜੂਦ ਸਨ।



# ਮਜੀਠੀਆ ਅਤੇ ਸੁਖਬੀਰ ਬਾਦਲ ਨੇ ਜਸਟਿਸ ਰਣਜੀਤ ਸਿੰਘ ਵੱਲੋਂ ਕੀਤੇ ਮੁਕੱਦਮੇ ਵਿੱਚ ਸਪਰੀਮ ਕੋਰਟ ਅੱਗੇ ਮੰਗੀ ਮਾਫੀ

**ਨਵੀਂ ਦਿੱਲੀ / ਚੰਡੀਗੜ੍ਹ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਅਤੇ ਸੁਖਬੀਰ ਸਿੰਘ ਬਾਦਲ ਨੇ ਅੱਜ ਸਪਰੀਮ ਕੋਰਟ ਵਿੱਚ ਰਣਜੀਤ ਸਿੰਘ ਕਮਿਸ਼ਨ ਦੀ ਅਲੋਚਨਾ ਕਰਨ ਸਬੰਧੀ ਮਾਫੀ ਮੰਗੀ, ਜੋ ਕਿ ਸਿਆਸੀ ਹਲਕਿਆਂ ਵਿੱਚ ਚਰਚਾ ਦਾ ਕੇਂਦਰ ਬਣੀ ਹੋਈ ਹੈ।ਇਹ ਉਹੀ ਆਗੂ ਹਨ ਜਿਨ੍ਹਾਂ ਨੇ ਕਮੀਸ਼ਨ ਦੀ ਰਿਪੋਰਟ 'ਤੇ ਕਈ ਵਾਰੀ ਅਲੋਚਨਾਤਮਕ ਟਿੱਪਣੀਆਂ ਕਰਦਿਆਂ ਇਸਨੂੰ ਰਾਸ਼ਟਰ ਵਿਰੋਧੀ ਤੇ ਸਾਜ਼ਿਸ਼ੀ ਦਸਤਾਵੇਜ਼ ਵਜੋਂ ਪੇਸ਼ ਕੀਤਾ ਸੀ। ਜਿਹੜਾ ਕੱਲ ਥੁੱਕਿਆ , ਅੱਜ ਓਹੀ ਚੱਟਿਆ ! ਸਿਆਸੀ ਵਿਸਲੇਸ਼ਕ ਕਹਿ ਰਹੇ ਹਨ ਕਿ ਇਹ ਸਿਰਫ਼ ਮਾਫੀ ਨਹੀਂ ਸਗੋਂ ਸਿਆਸੀ ਹਾਰ ਨੂੰ ਸਵੀਕਾਰਨਾ ਵੀ ਹੈ।ਜਿਨ੍ਹਾਂ ਨੇ ਕੱਲ " ਗੁਰੂ ਦੀ ਬੇਅਦਬੀ ਦੀ ਜਾਂਚ ਨੂੰ ਠੁਕਰਾਇਆ, ਅੱਜ ਓਹੀ ਸੱਚ ਦੇ ਸਾਹਮਣੇ ਨਿਵ ਗਏ ਹਨ।" ਪਹਿਲਾਂ ਕਮਿਸ਼ਨ 'ਤੇ ਸ਼ੱਕ, ਹੁਣ ਨਿਮਰਤਾ - ਇਹ ਮਾਫੀ ਜਾਂ ਮਜ਼ਬੂਰੀ ? 2015 ਵਿੱਚ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਅਤੇ ਮਗਰਲੀ ਘਟਨਾਵਾਂ ਦੀ ਜਾਂਚ ਲਈ ਬਣੇ ਜਸਟਿਸ ਰਣਜੀਤ ਸਿੰਘ ਕਮੀਸ਼ਨ ਨੇ ਜੋ ਰਿਪੋਰਟ ਪੇਸ਼ ਕੀਤੀ, ਉਸਨੂੰ ਮਜੀਠੀਆ ਤੇ ਬਾਦਲ ਨੇ "ਇਨਸਾਫ਼ ਦੀ ਨੌਟੰਕੀ "ਕਿਹਾ ਸੀ। ਪਰ ਅੱਜ ਜਦ ਇਹ ਮਾਮਲਾ ਸਪਰੀਮ ਕੋਰਟ ਦੇ ਵਿਚਾਰ ਅਧੀਨ ਆਇਆ, ਤਾਂ ਇਹੀ ਆਗੂ ਹਥ ਜੋੜ ਮਾਫੀ ਮੰਗਦੇ ਨਜ਼ਰ ਆਏ। ਲੋਕ ਕਹਿ ਰਹੇ ਨੇ ਕਿ ਇਤਿਹਾਸ ਨੇ ਅੱਜ ਇਨਸਾਫ਼ ਕੀਤਾ ! ਸਮਾਜਿਕ ਮੀਡੀਆ ਤੋਂ ਲੈ ਕੇ ਪਿੰਡ ਪੰਚਾਇਤ ਤੱਕ ਇਹ ਗੱਲ ਚਲ ਰਹੀ ਹੈ ਕਿ ਇਹ ਮਾਫੀ ਸਿਰਫ਼ ਕਾਨੂੰਨੀ ਬਚਾਵ ਨਹੀਂ, ਇਤਿਹਾਸਕ ਨਿਸ਼ਾਨੀ ਹੈ ਕਿ ਕਿਵੇਂ ਸਿਆਸਤ ਸੱਚ ਅੱਗੇ ਝੁਕਦੀ ਹੈ। ਮਾਫੀ ਮੰਗਣਾ ਨਿਮਰਤਾ ਹੈ, ਪਰ ਜਦੋਂ ਉਹ ਸਿਆਸੀ ਦਬਾਅ ਜਾਂ ਸਵਾਰਥ ਰੂਪ ਵਿੱਚ ਆਉਂਦੀ ਹੈ, ਤਾਂ ਉਹ ਲੋਕਾਂ ਦੀ ਨਜ਼ਰਾਂ ਵਿੱਚ ਵਿਸ਼ਵਾਸ ਨਹੀਂ ਜਿੱਤ ਸਕਦੀ। ਅੱਜ ਸੱਚ, ਇਨਸਾਫ਼ ਅਤੇ ਨੈਤਿਕਤਾ ਦੀ ਜਿੱਤ ਹੋਈ ਹੈ।





# ਆਪਣੇ ਪੁਰਾਣੇ ਸਾਥੀ ਦਰਸ਼ਨ ਸਿੰਘ ਅਕਾਲੀ ਦੇ ਫੁੱਲ ਚੁੱਗਣ ਦੀ ਰਸਮ 'ਚ ਸ਼ਾਮਿਲ ਹੋਏ ਸਾਬਕਾ ਵਿਧਾਇਕ ਸਿੱਧੂ



ਤਲਵੰਡੀ ਸਾਬੋ, 06 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਕਾਂਗਰਸ ਦੇ ਸੀਨੀਅਰ ਆਗੂ ਅਤੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਅੱਜ ਆਪਣੇ ਪੁਰਾਣੇ ਸਾਥੀ ਦਰਸ਼ਨ ਸਿੰਘ ਅਕਾਲੀ ਜੋ ਬੀਤੇ ਦਿਨ ਅਕਾਲ ਚਲਾਣਾ ਕਰ ਗਏ ਹਨ ਦੇ ਫੁੱਲ ਚੁਗਣ ਦੀ ਰਸਮ 'ਚ ਸ਼ਾਮਿਲ ਹੋਣ ਲਈ ਪਿੰਡ ਸੀਂਗੋ ਦੇ ਸਮਸ਼ਾਨਘਾਟ ਪੁੱਜੇ। ਉਪਰੰਤ ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਸਿੱਧੂ ਨੇ ਦਰਸ਼ਨ ਸਿੰਘ ਅਕਾਲੀ ਦੇ ਅਕਾਲ ਚਲਾਣੇ ਨੂੰ ਜਿੱਥੇ ਪਰਿਵਾਰ ਲਈ ਨਾ ਪੂਰਿਆ ਜਾਣ ਵਾਲਾ ਘਾਟਾ ਦੱਸਿਆ ਉੱਥੇ ਆਪਣੇ ਆਪ ਨੂੰ ਨਿੱਜੀ ਤੌਰ 'ਤੇ ਵੀ ਵੱਡਾ ਘਾਟਾ ਮੰਨਿਆ। ਉਨਾਂ ਕਿਹਾ ਕਿ ਉਨਾਂ ਨੂੰ ਅਫਸੋਸ ਰਹੇਗਾ ਕਿ ਬਾਹਰ ਹੋਣ ਕਾਰਨ ਉਹ ਦਰਸ਼ਨ ਸਿੰਘ ਦੇ ਅੰਤਿਮ ਸਸਕਾਰ ਮੌਕੇ ਸ਼ਾਮਿਲ ਨਹੀ ਹੋ ਸਕੇ ਇਸ ਲਈ ਅੱਜ ਪਰਿਵਾਰ ਵੱਲੋਂ ਫੁੱਲ ਚੁਗਣ ਮੌਕੇ ਇੱਥੇ ਪੁੱਜ ਕੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਹਨ। ਉਨਾਂ ਨੇ ਇਸ ਮੌਕੇ ਮਰਹੂਮ ਦਰਸ਼ਨ ਸਿੰਘ ਦੇ ਸਪੁੱਤਰ ਗੁਰਾਂਦਿੱਤਾ ਸਿੰਘ ਨਾਲ ਵੀ ਅਫਸੋਸ ਜ਼ਾਹਿਰ ਕੀਤਾ। ਸਿੱਧੂ ਨਾਲ ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਤਰਸੇਮ ਸਿੰਘ ਲਾਲੇਆਣਾ, ਜੱਟਮਹਾਂ ਸਭਾ ਹਲਕਾ ਪ੍ਰਧਾਨ ਮਨਜੀਤ ਲਾਲੇਆਣਾ, ਡੂੰਗਰ ਸਿੰਘ ਸੀਂਗੋ, ਗੁਰਮੇਲ ਲਾਲੇਆਣਾ, ਭੀਮ ਸਿੰਘ ਨੰਗਲਾ, ਹੈਪੀ ਬਹਿਮਣ, ਸੁਰਜੀਤ ਸ਼ਿੰਦੀ ਜਗਾ ਰਾਮ ਤੀਰਥ ਆਦਿ ਆਗੂ ਮੌਜੂਦ ਸਨ।

# ਸ਼੍ਰੀਮਤੀ ਉਰਮਿਲਾ ਦੇਵੀ ਨੇ ਤਾਰਾਗੜ੍ਹ ਵਿਖੇ ਰੂਰਲ ਸਕਿੱਲ ਸੈਂਟਰ ਦਾ ਕੀਤਾ ਸ਼ੁਭਾਅਰੰਭ

**ਪਠਾਨਕੋਟ ,6 ਅਪ੍ਰੈਲ ( ਆਵਾਜ਼ਿ ਕੌਮ ਬਿਊਰੋ )**-ਅੱਜ ਪੰਜਾਬ ਸਰਕਾਰ ਵੱਲੋਂ ਪੰਜਾਬ ਹੁਨਰ ਵਿਕਾਸ ਮਿਸਨ ਤਹਿਤ ਪੰਜਾਬ ਹੁਨਰ ਵਿਕਾਸ ਯੋਜਨਾ ਅਧੀਨ ਤਾਰਾਗੜ੍ਹ ਵਿਖੇ ਰੂਰਲ ਸਕਿੱਲ ਸੈਂਟਰ ਦਾ ਸੁਭਾਅਰੰਭ ਕੀਤਾ ਗਿਆ। ਇਸ ਮੋਕੇ ਤੇ ਸ੍ਰੀਮਤੀ ਉਰਮਿਲਾ ਦੇਵੀ ਧਰਮ ਪਤਨੀ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਜੀ ਮੁੱਖ ਮਹਿਮਾਨ ਵਜੋਂ ਹਾਜਰ ਹੋਏ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਨਰੇਸ ਕੁਮਾਰ ਸੈਣੀ ਜਿਲ੍ਹਾ ਪ੍ਰਧਾਨ ਬੀ.ਸੀ. ਵਿੰਗ ਪਠਾਨਕੋਟ, ਸੰਦੀਪ ਸਿੰਘ ਬਲਾਕ ਪ੍ਰਧਾਨ, ਬਲਾਕ ਪ੍ਰਧਾਨ ਜੰਗ ਬਹਾਦੁਰ, ਸਰਪੰਚ ਰੋਜੀ ਸੈਣੀ, ਗੀਤੂ ਸੈਣੀ ਮੈਂਬਰ ਪੰਚਾਇਤ, ਠਾਕੁਰ ਬਲਬਾਨ ਸਿੰਘ, ਸਤੀਸ ਸੈਣੀ, ਰਾਜੇਸ ਘੁੱਦਾ, ਪ੍ਰਦੀਪ ਬੈਂਸ ਜਿਲ੍ਹਾ ਇੰਚਾਰਜ ਸਕਿੱਲ ਡਿਵੈਲਪਮੈਂਟ ਪਠਾਨਕੋਟ, ਸਾਮ ਅਵਸਥੀ ਸੈਂਟਰ ਸੰਚਾਲਕ, ਵਿਜੈ ਕੁਮਾਰ, ਨੇਹਾ ਮਹਾਜਨ, ਆਂਚਲ, ਨੀਤੂ ਅਤੇ ਹੋਰ ਹਾਜਰ ਸਨ। ਇਸ ਮੋਕੇ ਤੇ ਸੈਂਟਰ ਸੰਚਾਚਲ ਸ੍ਰੀ ਸਾਮ ਅਵਸਥੀ ਟ੍ਰੇਨਿੰਗ ਸੈਂਟਰ ਦੇ ਟ੍ਰੇਨਿੰਗ ਪਾਟਨਰ ਸ੍ਰੀ ਸਾਂਈ ਐਜੂਕੇਸਨ ਸੋਸਾਇਟੀ ਦੇ ਹੋਰ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਜੀ ਵੱਲੋਂ ਬੁੱਕੇ ਭੇਂਟ ਕਰਕੇ ਸਵਾਗਤ ਕੀਤਾ ਗਿਆ। ਇਸ ਮਗਰੋਂ ਸਮਾਰੋਹ ਦੇ ਮੁੱਖ ਮਹਿਮਾਨ ਸ੍ਰੀਮਤੀ ਓਰਮਿਲਾ ਦੇਵੀ ਧਰਮ ਪਤਨੀ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਜੀ ਨੇ ਰੀਬਿਨ ਕੱਟ ਕੇ ਸੈਂਟਰ ਦਾ ਉਦਘਾਟਣ ਕੀਤਾ। ਇਸ ਮੋਕੇ ਤੇ ਸੰਬੋਧਤ ਕਰਦਿਆਂ ਸ੍ਰੀਮਤੀ ਉਰਮਿਲਾ ਦੇਵੀ ਜੀ ਨੇ ਕਿਹਾ ਕਿ ਤਾਰਾਗੜ੍ਹ ਵਿਖੇ ਅੱਜ ਜੋ ਮੈਕਅੱਪ ਆਰਟਿਸਟ ਦਾ ਕੋਰਸ ਸੁਰੂ ਕਰਵਾਇਆ ਗਿਆ ਹੈ ਇਹ ਲੜਕੀਆਂ ਦੇ ਲਈ ਲਾਹੇਮੰਦ ਸਿੱਧ ਹੋਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇਹ ਕੋਰਸ ਫ੍ਰੀ ਕਰਵਾਇਆ ਜਾ ਰਿਹਾ ਹੈ ਜੋ ਲੜਕੀਆਂ ਨੂੰ ਆਤਮ ਨਿਰਭਰ ਬਣਾਵੇਗਾ ਅਤੇ ਲੜਕੀਆਂ ਇਸ ਕੋਰਸ ਨੂੰ ਕਰ ਕੇ ਅਪਣਾ ਸਵੈਂ ਦਾ ਰੁਜਗਾਰ ਸੁਰੂ ਕਰ ਸਕਦੀਆਂ ਹਨ।

## ਧਰਮ ਯੁੱਧ ਮੋਰਚੇ ਸਮੇਂ ਕੁੱਝ ਰਾਜਨੀਤਕ ਆਗੂਆਂ ਦੇ ਬਿਆਨ

# ਫ਼ਿਰਕਾਪ੍ਰਸਤ ਆਪ ਖ਼ਾਲਿਸਤਾਨ ਬਣਾ ਕੇ ਸਿੱਖਾਂ ਨੂੰ ਦੇਣਗੇ



**ਦਮਦਮੀ ਟਕਸਾਲ** ਦੇ ਚੌਦ੍ਹਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਨੇ ਫੈਡਰੇਸ਼ਨ ਦੇ ਪ੍ਰਧਾਨ ਭਾਈ ਅਮਰੀਕ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਦੀ ਗ੍ਰਿਫ਼ਤਾਰੀ ਦੇ ਰੋਸ ਵਜੋਂ 19 ਜੁਲਾਈ 1982 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਅਰਦਾਸ ਕਰਕੇ ਮੋਰਚਾ ਅਰੰਭ ਦਿੱਤਾ ਤੇ ਇਸ ਮੋਰਚੇ ਨੂੰ 4 ਅਗਸਤ 1982 ਨੂੰ ਸ਼੍ਰੋਮਣੀ ਅਕਾਲੀ ਦਲ ਨੇ ਵੀ ਅਪਣਾ ਲਿਆ। ਇਸ ਸਾਂਝੇ ਮੋਰਚੇ ਵਿੱਚ ਸ੍ਰੀ ਅਨੰਦਪੁਰ ਸਾਹਿਬ ਦੇ ਮਤੇ ਦੀਆਂ ਮੰਗਾਂ ਨੂੰ ਜੋੜਿਆ ਗਿਆ। ਮੋਰਚੇ ਵਿੱਚ ਲੱਖਾਂ ਸਿੱਖਾਂ ਨੇ ਸ਼ਾਂਤਮਈ ਗ੍ਰਿਫ਼ਤਾਰੀਆਂ ਦਿੱਤੀਆਂ, ਪਰ ਭਾਰਤ ਸਰਕਾਰ ਨੇ ਸਿੱਖਾਂ ਦੀ ਇੱਕ ਗੱਲ ਨਾ ਮੰਨੀ ਤੇ ਉਲ਼ਟਾ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਕਰ ਦਿੱਤਾ। ਧਰਮ ਯੁੱਧ ਮੋਰਚੇ ਦੌਰਾਨ ਕੁਝ ਰਾਜਨੀਤਕ ਆਗੂਆਂ ਨੇ ਜੋ ਬਿਆਨ ਦਿੱਤੇ ਉਹ ਹੇਠਾਂ ਸਾਂਝੇ ਕਰ ਰਹੇ ਹਾਂ। ਰਾਮ ਜੇਠਮਲਾਨੀ ਦਾ ਬਿਆਨ : "ਅਕਾਲੀ ਦਲ ਦੀਆਂ ਮੰਗਾਂ ਜਾਇਜ਼ ਹਨ। ਸਿੱਖ ਭਾਰਤ ਤੋਂ ਵੱਖ ਹੋਣਾ ਨਹੀਂ ਚਾਹੁੰਦੇ। ਜੇ ਸੰਤ ਭਿੰਡਰਾਂਵਾਲੇ ਅੱਤਵਾਦੀ ਹਨ ਤਾਂ ਮੈਂ ਆਪ ਅੱਤਵਾਦੀ ਹਾਂ। ਸਿੱਖਾਂ ਦੀਆਂ ਸਾਰੀਆਂ ਮੰਗਾਂ ਜਾਇਜ਼ ਹਨ। ਕੋਈ ਮੰਗ ਦੇਸ਼ ਵਿਰੋਧੀ ਜਾਂ ਫ਼ਿਰਕਾਪ੍ਰਸਤੀ ਪੈਦਾ ਕਰਨ ਵਾਲੀ ਨਹੀਂ ਹੈ।"

ਇੰਦਰ ਕੁਮਾਰ ਗੁਜਰਾਲ ਦਾ ਬਿਆਨ : "ਸ੍ਰੀ ਅਨੰਦਪੁਰ ਸਾਹਿਬ ਦਾ ਮਤਾ ਖ਼ਾਲਿਸਤਾਨ ਦੀ ਮੰਗ ਨਹੀਂ ਕਰਦਾ। ਅਕਾਲੀ ਦਲ ਦੀਆਂ ਮੁੱਖ ਤੌਰ 'ਤੇ ਚਾਰ ਧਾਰਮਿਕ ਮੰਗਾਂ ਹਨ। ਅੰਮ੍ਰਿਤਸਰ ਨੂੰ ਪਵਿੱਤਰ ਕਰਾਰ ਦੇਣਾ, ਆਕਾਸ਼ਵਾਣੀ ਤੋਂ ਗੁਰਬਾਣੀ ਦਾ ਪ੍ਰਸਾਰਨ ਕੀਤਾ ਜਾਵੇ, ਹਵਾਈ ਜਹਾਜ਼ ਦੇ ਸਫ਼ਰ ਸਮੇਂ ਕ੍ਰਿਪਾਨ 'ਤੇ ਲਗਾਈ ਪਾਬੰਦੀ ਹਟਾਈ ਜਾਵੇ, ਆਲ ਇੰਡੀਆ ਗੁਰਦੁਆਰਾ ਐਕਟ ਬਣਾਇਆ ਜਾਵੇ ਅਤੇ ਰਾਜਨੀਤਕ ਮੁੱਖ ਮੰਗਾਂ ਹਨ ਕਿ ਚੰਡੀਗੜ੍ਹ ਤੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਦਿੱਤੇ ਜਾਣ, ਰਾਜਾਂ ਨੂੰ ਵੱਧ ਅਧਿਕਾਰ ਦਿੱਤੇ ਜਾਣ, ਪਾਣੀ ਦਾ ਫ਼ੈਸਲਾ ਸਰਵਉੱਚ ਅਦਾਲਤ ਦੁਆਰਾ ਕਰਾਇਆ ਜਾਵੇ।"

ਫਾਰੂਖ਼ ਅਬਦੁੱਲਾ ਦਾ ਬਿਆਨ : "ਅਕਾਲੀ ਦਲ ਦੀਆਂ ਮੰਗਾਂ ਜਾਇਜ਼ ਹਨ। ਇਸ ਵਿਚ ਕੋਈ ਫ਼ਿਰਕੂ ਮੰਗ ਨਹੀਂ। ਰਾਜ ਵੱਧ ਮਾਲੀ ਅਧਿਕਾਰਾਂ ਬਿਨਾਂ ਤਰੱਕੀ ਨਹੀਂ ਕਰ ਸਕਦੇ।"

ਮੁਹੰਮਦ ਅਬਦੁੱਲਾ ਬੁਖ਼ਾਰੀ ਦਾ ਬਿਆਨ : "ਸਰਕਾਰ ਘੱਟ ਗਿਣਤੀ ਲੋਕਾਂ ਨੂੰ ਖ਼ਤਮ ਕਰਨਾ ਚਾਹੁੰਦੀ ਹੈ। ਅਕਾਲੀ ਦਲ ਦੀਆਂ ਮੰਗਾਂ ਜਾਇਜ਼ ਹਨ ਤੇ ਰਾਜਾਂ ਨੂੰ ਵੱਧ ਅਧਿਕਾਰਾਂ ਦੀ ਲੋੜ ਹੈ।"

ਜਨਵਾਦੀ ਪਾਰਟੀ ਦੇ ਪ੍ਰਧਾਨ ਚੰਦਰਜੀਤ ਯਾਦਵ ਦਾ ਬਿਆਨ : "ਕੇਂਦਰ ਜਾਣ-ਬੁੱਝ ਕੇ ਪੰਜਾਬ ਦਾ ਮਸਲਾ ਲਟਕਾ ਰਿਹਾ ਹੈ।÷

ਡੀ.ਐਮ.ਕੇ ਦੇ ਸੀ.ਟੀ. ਚੰਡਪਾਨੀ ਦਾ ਬਿਆਨ : "ਬਿਨਾਂ ਕਿਸੇ ਦੇਰੀ ਦੇ ਰਾਜਾਂ ਨੂੰ ਵੱਧ ਅਧਿਕਾਰ ਦਿੱਤੇ ਜਾਣ । ਗੁਰਦੁਆਰਿਆਂ ਦੀ ਦੇਖ-ਭਾਲ ਲਈ ਆਲ ਇੰਡੀਆ ਗੁਰਦੁਆਰਾ ਐਕਟ ਜ਼ਰੂਰੀ ਹੈ। ਚੰਡੀਗੜ੍ਹ, ਅਬੋਹਰ, ਫ਼ਾਜ਼ਿਲਕਾ 'ਤੇ ਪੰਜਾਬ ਦਾ ਹੱਕ ਹੈ।÷

ਚੰਦਰ ਸ਼ੇਖਰ ਦਾ ਬਿਆਨ : "ਚੰਡੀਗੜ੍ਹ ਤੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਦੇ ਕੇ ਪਾਣੀ ਦਾ ਕੇਸ ਸੁਪਰੀਮ ਕੋਰਟ ਦੇ ਹਵਾਲੇ ਕਰਨਾ ਚਾਹੀਦਾ ਹੈ।"

ਐਨ.ਟੀ. ਰਾਮਾਰਾਓ ਦਾ ਬਿਆਨ : "ਵੱਧ ਅਧਿਕਾਰਾਂ ਬਿਨਾਂ ਰਾਜ ਤਰੱਕੀ ਨਹੀਂ ਕਰ ਸਕਦੇ।÷

ਬਹੁਗੁਣਾ ਦਾ ਬਿਆਨ : "ਅਕਾਲੀ ਦਲ ਦੀਆਂ ਜਾਇਜ਼ ਮੰਗਾਂ ਤੁਰੰਤ ਮੰਨੀਆਂ ਜਾਣ।"

ਜਯੋਤੀ ਬਾਸੂ ਦਾ ਬਿਆਨ : "ਰਾਜਾਂ ਦੇ ਪ੍ਰਫੁੱਲਤ ਹੋਣ ਲਈ ਰਾਜਾਂ ਨੂੰ ਵੱਧ ਅਧਿਕਾਰਾਂ ਦੀ ਬਹੁਤ ਲੋੜ ਹੈ।÷

ਸੇਠ ਰਾਮ ਨਾਥ ਜੈਤੋ ਦਾ ਬਿਆਨ : "ਅਕਾਲੀ ਦਲ ਦੀਆਂ ਧਾਰਮਿਕ ਮੰਗਾਂ ਮੰਨੀਆਂ ਜਾਣ। ਚੰਡੀਗੜ੍ਹ ਤੇ ਪੰਜਾਬੀ ਬੋਲਦੇ ਇਲਾਕੇ ਤੁਰੰਤ ਪੰਜਾਬ ਨੂੰ ਦੇ ਕੇ ਪਾਣੀ ਦੇ ਮਸਲੇ ਦਾ ਹੱਲ ਲੱਭਿਆ ਜਾਵੇ।÷

ਮਧੂ ਦੰਡਵਤੇ ਦਾ ਬਿਆਨ : "ਸਰਕਾਰ ਨੇ 4 ਅਪ੍ਰੈਲ ਨੂੰ ਨਿਹੱਥੇ ਲੋਕਾਂ 'ਤੇ ਗੋਲੀ ਚਲਾ ਕੇ ਮਨੁੱਖਤਾ ਦਾ ਘਾਣ ਕੀਤਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਅਕਾਲੀ ਦਲ ਦੀਆਂ ਯੋਗ ਮੰਗਾਂ ਮੰਨ ਕੇ ਪੰਜਾਬ ਦੇ ਵਾਤਾਵਰਨ ਨੂੰ ਸ਼ਾਂਤ ਕਰੇ।÷

ਅਟਲ ਬਿਹਾਰੀ ਵਾਜਪਈ ਦਾ ਬਿਆਨ : "ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਅਕਾਲੀ ਦਲ ਦੀਆਂ ਮੰਗਾਂ ਮੰਨਣ ਤੋਂ ਪਹਿਲਾਂ ਪੰਜਾਬ ਵਿਚਲੀਆਂ ਵਿਰੋਧੀ ਪਾਰਟੀਆਂ ਨੂੰ ਨਾਲ ਲਵੇ।"

ਭਾਰਤੀ ਜਨਤਾ ਪਾਰਟੀ ਦੇ ਜਨਰਲ ਸਕੱਤਰ ਅਡਵਾਨੀ ਦਾ ਬਿਆਨ : "ਪੰਜਾਬ ਵਿਚਲੀ ਹਾਲਤ ਲਈ ਕਾਂਗਰਸ ਜ਼ਿੰਮੇਵਾਰ ਹੈ, ਹਿੰਸਾ ਉੱਤੇ ਸਖ਼ਤ ਹੱਥੀਂ ਕਾਬੂ ਪਾਇਆ ਜਾਣਾ ਚਾਹੀਦਾ ਹੈ ਅਤੇ ਤਿੰਨ-ਧਿਰੀ ਵਾਰਤਾਲਾਪ ਮੁੜ ਸ਼ੁਰੂ ਕਰਨੀ ਚਾਹੀਦੀ ਹੈ।"

ਕੁਲਦੀਪ ਨਈਅਰ ਦਾ ਬਿਆਨ : "ਪੰਜਾਬ ਦਾ ਮਾਹੌਲ ਸ਼ਾਂਤ ਕਰਨ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਅਕਾਲੀ ਦਲ ਦੀਆਂ ਮੰਗਾਂ ਮੰਨਣ ਦਾ ਐਲਾਨ ਕਰੇ।÷

ਯੂਥ ਕਾਂਗਰਸ ਨੇਤਾ ਗੁਰਦਰਸ਼ਨ ਸ਼ਰਮਾ ਦਾ ਬਿਆਨ : "ਪੰਜਾਬ ਵਿਚ ਆਰ.ਐਸ.ਐਸ. 'ਤੇ ਪਾਬੰਦੀ ਲਗਾਓ। ਆਰ.ਐਸ.ਐਸ. ਆਪਣੇ ਵਰਕਰਾਂ ਨੂੰ ਹਥਿਆਰਬੰਦ ਟ੍ਰੇਨਿੰਗ ਦੇ ਰਿਹਾ ਹੈ। ਪੰਜਾਬ ਵਿੱਚ ਆਰ.ਐਸ.ਐਸ. ਹਿੰਦੂ ਤੇ ਸਿੱਖਾਂ ਵਿੱਚ ਫੁੱਟ ਪਾ ਰਹੀ ਹੈ।"

ਆਵਾਜ਼ਿ ਕੌਮ AWAZE QAUM International Newspaper & WEB TV

ਰਾਜ ਸਭਾ ਦੇ ਮੈਂਬਰ ਖ਼ੁਸ਼ਵੰਤ ਸਿੰਘ ਦਾ ਬਿਆਨ : "ਅਨੰਦਪੁਰ ਸਾਹਿਬ ਦੇ ਮਤੇ ਦੇ ਕਈ ਰੂਪ ਸਾਹਮਣੇ ਆਏ ਹਨ। ਇਸ ਦਾ ਠੀਕ ਰੂਪ ਲੈਣਾ ਚਾਹੀਦਾ ਹੈ ਪਰ ਅਕਾਲੀਆਂ ਦੀਆਂ ਹੋਰ ਕਈ ਮੰਗਾਂ ਤਾਂ ਸਹਿਜੇ ਹੀ ਮੰਨੀਆਂ ਜਾ ਸਕਦੀਆਂ ਹਨ। ਫ਼ਲਾਇੰਗ ਮੇਲ ਦਾ ਨਾਂ ਹਰਿਮੰਦਰ ਐਕਸਪ੍ਰੈਸ, ਹਰਿਮੰਦਰ ਸਾਹਿਬ ਤੋਂ ਕੀਰਤਨ ਦਾ ਪ੍ਰਸਾਰਨ, ਹਵਾਈ ਯਾਤਰਾ ਸਮੇਂ ਕ੍ਰਿਪਾਨ ਦੀ ਆਗਿਆ, ਆਲ ਇੰਡੀਆ ਗੁਰਦੁਆਰਾ ਐਕਟ, ਇਸ ਤੋਂ ਬਿਨਾਂ ਵੀ ਪੰਜਾਬ ਨੂੰ ਵੱਡੇ ਕਾਰਖ਼ਾਨੇ ਦਿਉ ਤਾਂ ਕਿ ਉਥੋਂ ਦੀ ਆਰਥਿਕਤਾ ਉੱਜੜੇ ਨਾ। ਮੈਂ ਇਹ ਗੱਲਾਂ ਇੱਕ ਸਿੱਖ, ਪੰਜਾਬੀ ਤੇ ਭਾਰਤੀ ਦੇ ਤੌਰ 'ਤੇ ਉਠਾਉਣੀਆਂ ਜ਼ਰੂਰੀ ਸਮਝਦਾ ਹਾਂ। ਪੰਜਾਬ ਦੀ ਸਮੱਸਿਆ ਨੂੰ ਜੇਕਰ ਹੱਲ ਨਾ ਕੀਤਾ ਗਿਆ ਤਾਂ ਇਕ ਹੋਰ ਆਸਾਮ ਬਣ ਜਾਵੇਗਾ। ਸਿੱਖ ਖ਼ਾਲਿਸਤਾਨ ਦੀ ਮੰਗ ਨਹੀਂ ਕਰਦੇ, ਭਜਨ ਲਾਲ ਵਰਗੇ ਫ਼ਿਰਕਾਪ੍ਰਸਤ ਆਪ ਖ਼ਾਲਿਸਤਾਨ ਬਣਾ ਕੇ ਸਿੱਖਾਂ ਨੂੰ ਦੇਣਗੇ ਠੀਕ ਸਾਬਤ ਹੁੰਦਾ ਜਾ ਰਿਹਾ ਹੈ।÷

ਤੁਸੀਂ ਉੱਪਰਲੇ ਬਿਆਨ ਪੜ੍ਹ ਲਏ ਹਨ ਪਰ ਪੰਥ ਅਤੇ ਪੰਜਾਬ ਦੇ ਹੱਕੀ ਮੰਗਾਂ ਵਾਲੇ ਸ੍ਰੀ ਅਨੰਦਪੁਰ ਸਾਹਿਬ ਦੇ ਮਤੇ ਨੂੰ ਮੰਨਣ ਦੀ ਬਜਾਏ ਕੇਂਦਰ ਦੀ ਕਾਂਗਰਸ ਸਰਕਾਰ, ਭਾਜਪਾਈਆਂ, ਕਾਮਰੇਡਾਂ ਅਤੇ ਫ਼ਿਰਕੂ ਹਿੰਦੂਤਵੀਆਂ ਨੇ ਇਸ ਮਤੇ ਅਤੇ ਮੋਰਚੇ ਨੂੰ ਖ਼ਾਲਿਸਤਾਨ, ਅੱਤਵਾਦ, ਵੱਖਵਾਦ ਨਾਲ ਜੋੜ ਦਿੱਤਾ ਅਤੇ ਕਈ ਹੋਰ ਦੋਸ਼ ਲਾ ਕੇ ਸਿੱਖ ਕੌਮ ਉੱਤੇ ਤੀਜਾ ਘੱਲੂਘਾਰਾ ਵਰਤਾ ਦਿੱਤਾ।

ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਉੱਤੇ ਹੋਏ ਹਮਲੇ ਨਾਲ ਭਾਰਤ ਅਤੇ ਸਿੱਖਾਂ ਵਿਚਾਲੇ ਲਕੀਰ ਖਿੱਚੀ ਗਈ ਤੇ ਖ਼ਾਲਿਸਤਾਨ ਦੀ ਨੀਂਹ ਰੱਖੀ ਗਈ, ਜੁਝਾਰੂ ਸਿੰਘਾਂ ਨੇ ਦਸ ਸਾਲ ਹਥਿਆਰਬੰਦ ਹੋ ਕੇ ਲੜਾਈ ਲੜੀ ਤੇ ਰਾਜਨੀਤਕ, ਜ਼ਮਹੂਰੀਅਤ ਅਤੇ ਸ਼ਾਂਤਮਈ ਢੰਗ ਨਾਲ ਇਹ ਸੰਘਰਸ਼ ਅੱਜ ਵੀ ਜਾਰੀ ਹੈ, ਗੁ਼ਲਾਮ ਸਿੱਖ ਅਜ਼ਾਦੀ ਲਈ ਯਤਨਸ਼ੀਲ ਹਨ। ਸਿੱਖ ਅਜਿਹਾ ਰਾਜ-ਭਾਗ ਸਿਰਜਣਾ ਚਾਹੁੰਦੇ ਹਨ ਜਿੱਥੇ ਸਾਡਾ ਇਸ਼ਟ, ਧਰਮ, ਬੋਲੀ, ਸੱਭਿਆਚਾਰ, ਪਹਿਰਾਵਾ, ਹੋਂਦ-ਹਸਤੀ, ਸਿਧਾਂਤ, ਕਕਾਰ ਅਤੇ ਕੁਦਰਤੀ ਸ੍ਰੋਤ ਪਾਣੀ ਆਦਿਕ ਸੁਰੱਖਿਅਤ ਰਹਿਣ ਤੇ ਅਸੀਂ ਸਰਬੱਤ ਦੇ ਭਲੇ ਦੇ ਉਦੇਸ਼ ਨੂੰ ਪੂਰੀ ਦੁਨੀਆਂ 'ਚ ਫੈਲਾ ਸਕੀਏ ਅਤੇ ਨਿਮਾਣਿਆਂ, ਨਿਤਾਣਿਆਂ ਤੇ ਲਤਾੜੇ ਲੋਕਾਂ ਦਾ ਸਹਾਰਾ ਬਣ ਸਕੀਏ।



**- ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)**
**ਮੋ : 88722-93883**

## ਪ ਸ ਸ ਫ ਦੀ 10 ਅਪ੍ਰੈਲ ਦੀ ਜਲੰਧਰ ਸੂਬਾਈ ਰੈਲੀ ਵਿੱਚ ਗੁਰਾਇਆ ਤੋਂ ਵੱਡੀ ਗਿਣਤੀ ਵਿੱਚ ਮੁਲਾਜ਼ਮ ਭਾਗ ਲੈਣਗੇ

**ਜਲੰਧਰ, ਗੁਰਾਇਆ, 6ਅਪ੍ਰੈਲ ( ਆਵਾਜ਼ਿ ਕੌਮ ਬਿਊਰੋ )**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਬਲਾਕ ਰੁੜਕਾ ਕਲਾਂ ਦੀ ਮੀਟਿੰਗ ਬਲਾਕ ਪ੍ਰਧਾਨ ਬਲਬੀਰ ਸਿੰਘ ਦੀ ਪ੍ਰਧਾਨਗੀ ਹੇਠ ਗੁਰਾਇਆ ਵਿਖੇ ਕੀਤੀ ਗਈ। ਮੀਟਿੰਗ ਨੂੰ ਵਿਸ਼ੇਸ਼ ਤੌਰ ਤੇ ਸੰਬੋਧਨ ਕਰਦੇ ਹੋਏ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦਿਨ ਪ੍ਰਤੀ ਦਿਨ ਕੀਤੇ ਗਏ ਵਾਅਦਿਆਂ ਨੂੰ ਲਾਗੂ ਕਰਨ ਵਿੱਚ ਆਨੇ ਬਹਾਨੇ ਬਣਾ ਕੇ ਡੰਗ ਟਪਾਈ ਕਰ ਰਹੀ ਹੈ। ਉਹਨਾਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਦੇ ਵਿਰੁੱਧ ਗੁੱਸੇ ਦਾ ਪ੍ਰਗਟਾਵਾ ਕਰਨ ਲਈ 10 ਅਪ੍ਰੈਲ ਦਿਨ ਵੀਰਵਾਰ ਨੂੰ ਵਿਸ਼ਾਲ ਸੂਬਾਈ ਰੈਲੀ ਜਲੰਧਰ ਵਿਖੇ ਕੀਤੀ ਜਾ ਰਹੀ ਹੈ।ਜਿਸ ਨੂੰ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ ਫੈਡਰੇਸ਼ਨ ਦੇ ਕੌਮੀ ਵਿੱਤ ਸਕੱਤਰ ਸ੍ਰੀ ਸ਼ਸ਼ੀ ਕਾਂਤ ਰਾਏ(ਬਿਹਾਰ) ਸੰਬੋਧਨ ਕਰਨਗੇ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਪ ਸ ਸ ਫ ਦੇ ਬਲਾਕ ਸਕੱਤਰ ਓਮ ਪ੍ਰਕਾਸ਼ ਨੇ ਦੱਸਿਆ ਕਿ 10 ਅਪ੍ਰੈਲ ਦੀ ਸੂਬਾਈ ਰੈਲੀ ਲਈ ਬਲਾਕ ਰੁੜਕਾ ਕਲਾਂ ਤੋਂ ਲੱਗ ਭੱਗ 125 ਦੇ ਕਰੀਬ ਮੁਲਾਜ਼ਮਾਂ ਨੂੰ ਸ਼ਾਮਲ ਕਰਵਾਉਣ ਦਾ ਫੈਸਲਾ ਕੀਤਾ।ਇਸ ਸੰਬੰਧੀ ਮੀਟਿੰਗ ਦੌਰਾਨ 10 ਅਪ੍ਰੈਲ ਦੀ ਸੂਬਾਈ ਰੈਲੀ ਨੂੰ ਕਾਮਯਾਬ ਕਰਨ ਲਈ ਨਕੋਦਰ ਤੋਂ 04 ਵਹੀਕਲਜ਼ ਅਤੇ ਮੋਟਰਸਾਈਕਲਾਂ ਰਾਹੀਂ ਸ਼ਮੂਲੀਅਤ ਕਰਵਾਉਣ ਦਾ ਫੈਸਲਾ ਕੀਤਾ।ਮੀਟਿੰਗ ਵਿੱਚ , ਤਾਰਾ ਸਿੰਘ ਬੀਕਾ, ਬੂਟਾ ਰਾਮ ਅਕਲਪੁਰ, ਕੁਲਵੰਤ ਰਾਮ ਰੁੜਕਾ, ਰਤਨ ਸਿੰਘ, ਬਲਵਿੰਦਰ ਕੁਮਾਰ, ਨਿਰਮੋਲਕ ਸਿੰਘ ਹੀਰਾ, ਕਰਨੈਲ ਸਿੰਘ, ਕੁਲਦੀਪ ਸਿੰਘ ਕੌੜਾ ਸਤਵਿੰਦਰ ਸਿੰਘ ਢੇਸੀ ਅਤੇ ਸਰਬਜੀਤ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਧੰਨ ਗੁਰੂ ਰਾਮਦਾਸ ਸਾਹਿਬ ਜੀ ਦੇ ਲੰਗਰ ਦੀ ਸੇਵਾ ਕੀਤੀ ਗਈ





**ਸ੍ਰੀ ਅੰਮ੍ਰਿਤਸਰ ਸਾਹਿਬ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਧੰਨ ਗੁਰੂ ਰਾਮਦਾਸ ਸਾਹਿਬ ਜੀ ਦੇ ਲੰਗਰ ਦੀ ਸੇਵਾ ਕੀਤੀ ਗਈ ਜਿਸ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਬੀਰ ਸਿੰਘ ਜੀ ਖਾਲਸਾ ਜੀ ਦੀ ਅਗਵਾਈ ਵਿੱਚ ਬੇਅੰਤ ਸੰਗਤਾਂ ਨੇ ਧੰਨ ਗੁਰੂ ਰਾਮਦਾਸ ਸਾਹਿਬ ਜੀ ਦੇ ਲੰਗਰ ਵਿੱਚ ਸੇਵਾ ਨਿਭਾਈ ਦਰਸ਼ਨ ਦੀਦਾਰੇ ਅਤੇ ਇਸ਼ਨਾਨ ਕੀਤੇ ਸਿੰਘ ਸਾਹਿਬ ਜੀ ਨੇ ਸਭਨਾਂ ਨੂੰ ਆਪਣੇ ਨਿਤਨੇਮ ਤੋਂ ਇਲਾਵਾ ਇੱਕ ਜਪੁਜੀ ਸਾਹਿਬ ਦਾ ਪਾਠ ਪੰਥ ਦੀ ਚੜ੍ਹਦੀ ਕਲਾ ਵਾਸਤੇ ਸਮੁੱਚੀਆਂ ਸੰਗਤਾਂ ਨੂੰ ਕਰਨ ਵਾਸਤੇ ਕਿਹਾ ਨਾਲ ਹੀ ਮਿਤੀ 23 ਅਪ੍ਰੈਲ ਨੂੰ ਗੁਰਦੁਆਰਾ ਸੰਤ ਖਾਲਸਾ ਜਨਮ ਸਥਾਨ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਪਿੰਡ ਰੋਡੇ ਵਿਖੇ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਵਿਸ਼ੇਸ਼ ਮੀਟਿੰਗ ਸੱਦੀ ਗਈ ਹੈ ਜਿਸ ਵਿੱਚ ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਅਰਧ ਸ਼ਤਾਬਦੀ ਆ ਰਹੀ ਹੈ ਦੇ ਸਬੰਧ ਵਿੱਚ ਮਹਾਨ ਨਗਰ ਕੀਰਤਨ ਸਜਾਉਣ ਲਈ ਵਿਚਾਰਾਂ ਕੀਤੀਆਂ ਜਾਣਗੀਆਂ ਅਤੇ ਨਾਲ ਹੀ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮਹਾਂਪੁਰਖਾਂ ਦੇ ਜਨਮ ਦਿਹਾੜੇ ਦੇ ਸੰਬੰਧ ਵਿੱਚ ਵੀ ਵਿਚਾਰਾਂ ਕੀਤੀਆਂ ਜਾਣਗੀਆਂ ਤਾਂ ਕਿ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਵਾਰ ਵੀ ਵੱਡੀ ਪੱਧਰ ਤੇ ਜਨਮ ਦਿਨ ਸਮਾਗਮ ਮਨਾਇਆ ਜਾ ਸਕੇ ਇਸ ਸਬੰਧ ਵਿੱਚ ਵਿਸ਼ੇਸ਼ ਪ੍ਰਬੰਧਕ ਕਮੇਟੀ ਦਾ ਗਠਨ ਕੀਤਾ ਜਾਵੇਗਾ ਜਿਨਾਂ ਦੀ ਅਰੰਭਤਾ ਗੁਰਦੁਆਰਾ ਜਨਮ ਸਥਾਨ ਤੋਂ ਮੀਟਿੰਗ ਦੇ ਵਿੱਚ ਸਾਰੇ ਹੀ ਇਲਾਕੇ ਦੀਆਂ ਸੰਗਤਾਂ ਨਾਲ ਵਿਚਾਰ ਕਰਕੇ ਸ਼ਤਾਬਦੀ ਦੇ ਪ੍ਰਬੰਧਕਾਂ ਦੀ ਕਮੇਟੀ ਬਣਾਈ ਜਾਵੇਗੀ ਤੇ ਇਲਾਕੇ ਵਿੱਚ ਜਮਾਂ ਤੈਅ ਕਰਕੇ ਵੱਡੇ ਨਗਰ ਕੀਰਤਨ ਕੀਤੇ ਜਾਣਗੇ ਥੋੜੇ ਦਿਨਾਂ ਦਾ ਇਸ ਮੌਕੇ ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਕਨਵੀਨਰ ਦਲੀਪ ਸਿੰਘ ਚੱਕਰ ਬਾਬਾ ਸਤਨਾਮ ਸਿੰਘ ਜੀ ਵਲੀਆਂ ਵਾਲੇ ਪ੍ਰਧਾਨ ਧਾਰਮਿਕ ਵਿੰਗ ਬਾਬਾ ਸੱਜਣ ਸਿੰਘ ਜੀ ਬਾੜਾ ਸ਼ੇਰ ਸਿੰਘ ਮੁੱਖ ਸਲਾਹਕਾਰ ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ ਜਥੇਦਾਰ ਸਵਰਨਜੀਤ ਸਿੰਘ ਤਰਨਾ ਦਲ ਦੁਆਬਾ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਾਰੀ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਜਥੇਦਾਰ ਕੁਲਦੀਪ ਸਿੰਘ ਜੀ ਡੱਲਾ ਹਰਕ੍ਰਿਸ਼ਨ ਸਿੰਘ ਜਗਰਾਵਾਂ ਜਥੇਦਾਰ ਬਾਬਾ ਜਸਵਿੰਦਰ ਸਿੰਘ ਜੀ ਰਾਜੇਆਣਾ ਜਥੇਦਾਰ ਬੂਟਾ ਸਿੰਘ ਜੀ ਗੁਰਦੁਆਰਾ ਸੰਤ ਖਾਲਸਾ ਰੋਡੇ ਜਥੇਦਾਰ ਰਣਧੀਰ ਸਿੰਘ ਕਿਲਾ ਹਕੀਮਾ ਆਦਿ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਨਲੋਈਆਂ ਵਿੱਚ ਸਲਾਨਾ ਸਮਾਰੋਹ ਕਰਵਾਇਆ ਗਿਆ

**ਹੁਸ਼ਿਆਰਪੁਰ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਰਕਾਰੀ ਐਲੀਮੈਂਟਰੀ ਸਕੂਲ ਨਲੋਈਆਂ ਦਾ ਸਲਾਨਾ ਸਮਾਰੋਹ ਬੇਮਿਸਾਲ ਹੋ ਨਿਬੜਿਆ। ਮੁੱਖ ਮਹਿਮਾਨ ਸੈਂਟਰਲ ਮੈਡੀਕਲ ਅਫ਼ਸਰ ਡਾਕਟਰ ਐਸ ਪੀ ਸਿੰਘ ਅਤੇ ਉਨਾਂ ਦੇ ਪਤਨੀ ਸ਼੍ਰੀਮਤੀ ਸੁਖਵਿੰਦਰ ਕੌਰ ਜੀ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਹੁਸ਼ਿਆਰਪੁਰ ਦੀ ਮੌਜੂਦਗੀ ਨੇ ਸਮਾਰੋਹ ਨੂੰ ਚਾਰ ਚੰਨ ਲਗਾਏ। ਬੱਚਿਆਂ ਦੀਆਂ ਪੇਸ਼ਕਾਰੀਆਂ ਨੇ ਖ਼ੂਬ ਸਮਾਂ ਬੰਨ੍ਹਿਆ ਅਤੇ ਸਰੋਤਿਆਂ ਨੂੰ ਕੀਲ ਕੇ ਬਿਠਾਈ ਰੱਖਿਆ। ਬਲਾਕ ਨੋਡਲ ਅਫ਼ਸਰ ਸ਼੍ਰੀ ਬਲਵੀਰ ਰਾਮ, ਐਸ ਐਮ ਸੀ ਕਮੇਟੀ ਮੈਂਬਰ ਸ਼੍ਰੀ ਓਂਕਾਰ ਸਿੰਘ ਜੀ, ਸ੍ਰੀ ਤਿਲਕ ਰਾਜ ਜੀ ਨੇ ਵੀ ਸ਼ਿਰਕਤ ਕੀਤੀ ਅਤੇ ਬੱਚਿਆਂ ਦਾ ਹੌਸਲਾ ਵਧਾਇਆ। ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਇਨਾਮ ਵੰਡੇ ਗਏ। ਮੈਡਮ ਕੁਲਵੰਤ ਕੌਰ ਅਤੇ ਸ਼੍ਰੀ ਸਚਿਨ ਕੁਮਾਰ ਜੀ ਨੇ ਬਾਖੂਬੀ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਮੁੱਖ ਅਧਿਆਪਕ ਸ਼੍ਰੀ ਮਤੀ ਕਰਮਜੀਤ ਕੌਰ ਜੀ ਨੇ ਮੁੱਖ ਮਹਿਮਾਨ, ਬੱਚਿਆਂ ਦੇ ਮਾਤਾ ਪਿਤਾ ਅਤੇ ਹੋਰ ਹਾਜ਼ਰ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਕੂਲ ਸਟਾਫ਼ ਮੈਂਬਰ ਸ਼੍ਰੀ ਮਤੀ ਰਜਨੀ, ਸ੍ਰੀ ਮਤੀ ਸੁਮੀਤ ਭਾਰਦਵਾਜ, ਸ਼੍ਰੀਮਤੀ ਨੀਰਜ, ਸ੍ਰੀ ਮਤੀ ਪੂਨਮ ਸ਼ਰਮਾ, ਸ੍ਰੀ ਮਤੀ ਪੁਲਕਿਤ ਸ਼ਰਮਾ ਵੀ ਹਾਜ਼ਰ ਸਨ। ਸਮੂਹ ਸਟਾਫ ਨੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿਚ ਵੱਡਮੁੱਲਾ ਯੋਗਦਾਨ ਪਾਇਆ। ਇਹਨਾਂ ਤੋਂ ਇਲਾਵਾ ਸਕੂਲ ਕੁੱਕਾਂ ਅਤੇ ਸਫਾਈ ਸੇਵਕਾ ਨੇ ਵੀ ਸ਼ਲਾਘਾਯੋਗ ਯੋਗਦਾਨ ਪਾਇਆ।

## ਸਰਕਾਰੀ ਮਿਡਲ ਸਕੂਲ ਟੱਪਾ ਦਾ ਅੱਠਵੀਂ ਦਾ ਨਤੀਜਾ ਰਿਹਾ ਸ਼ਾਨਦਾਰ

**ਹੁਸ਼ਿਆਰਪੁਰ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਰਕਾਰੀ ਮਿਡਲ ਸਕੂਲ ਟੱਪਾ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੀ ਮਾਰਚ ਦੀ ਪ੍ਰੀਖਿਆ 2025 ਦਾ ਨਤੀਜਾ ਸ਼ਾਨਦਾਰ ਰਿਹਾ। ਸਾਰੇ ਬੱਚਿਆਂ ਨੇ ਵਧੀਆ ਅੰਕ ਹਾਸਿਲ ਕਰਕੇ ਆਪਣੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਂ ਰੋਸ਼ਨ ਕੀਤਾ। ਕਲਾਸ ਦੇ ਇੰਚਾਰਜ ਸੰਨੀ ਮਹਿਤਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਿਵੇਕ ਕੁਮਾਰ ਨੇ 600 ਅੰਕਾਂ ਵਿੱਚੋਂ 559 ਅੰਕ ਹਾਸਲ ਕਰਕੇ ਪਹਿਲਾਂ ਸਥਾਨ, ਜਸਕਰਨ ਨੇ 600 ਵਿੱਚੋਂ 536 ਅੰਕ ਲੈ ਕੇ ਦੂਜਾ ਸਥਾਨ , ਮੰਨਤ ਨੇ 600 ਵਿੱਚੋਂ 505 ਅੰਕ ਲੈ ਕੇ ਤੀਸਰਾ ਸਥਾਨ ਅਤੇ ਮੋਹਿਤ ਕੁਮਾਰ ਨੇ 600 ਵਿੱਚੋਂ 4870ਅੰਕ ਲੈ ਕੇ ਚੌਥਾ ਸਥਾਨ ਹਾਸਿਲ ਕੀਤਾ।ਸਕੂਲ ਮੁਖੀ ਪ੍ਰਿਤਪਾਲ ਸਿੰਘ ਚੌਂਟਾਲਾ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਮੈਡਮ ਸੰਦੀਪ ਕੌਰ, ਮੈਡਮ ਅਮਨਦੀਪ ਕੌਰ ਅਤੇ ਮੈਡਮ ਰਿੰਕਲ ਕੁਮਾਰੀ ਨੇ ਵੀ ਬੱਚਿਆਂ ਨੂੰ ਅਤੇ ਮਾਤਾ ਪਿਤਾ ਨੂੰ ਸਕੂਲ ਦਾ ਨਤੀਜਾ ਸ਼ਾਨਦਾਰ ਆਉਣ ਤੇ ਵਧਾਈ ਦਿੱਤੀ।